ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ.ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 28 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੧੧ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਪੰਜਾਬ ਵਿਧਾਨ ਸਭਾ ਚੋਣਾਂ ਲਈ ਉਮੀਦਵਾਰਾਂ ਦੇ ਐਲਾਨ ਬਾਰੇ ਭਾਜਪਾ ਦਾ ਵੱਡਾ ਫ਼ੈਸਲਾ

**ਚੰਡੀਗੜ੍ਹ, 27 ਅਗਸਤ (ਆਵਾਜ਼ਿ ਕੌਮ ਬਿਊਰੋ)**- ਭਾਰਤੀ ਜਨਤਾ ਪਾਰਟੀ ਅਗਲੇ ਸਾਲ ਹੋਣ ਪੰਜਾਬ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਆਪਣੇ ਉਮੀਦਵਾਰਾਂ ਦੀ ਪਹਿਲੀ ਸੂਚੀ ਦਸੰਬਰ ਦੇ ਪਹਿਲੇ ਹਫ਼ਤੇ ਤੱਕ ਜਾਰੀ ਕਰ ਸਕਦੀ ਹੈ। ਇਹ ਫ਼ੈਸਲਾ ਫਰਵਰੀ ਵਿਚ ਹੋਣ ਵਾਲੀਆਂ ਸੰਭਾਵਿਤ ਚੋਣਾਂ ਤੋਂ ਕਾਫ਼ੀ ਸਮਾਂ ਪਹਿਲਾਂ ਉਮੀਦਵਾਰਾਂ ਨੂੰ ਚੋਣ ਮੁਹਿੰਮ ਦੀ ਤਿਆਰੀ ਦਾ ਮੌਕਾ ਦੇਣ ਲਈ ਲਿਆ ਜਾ ਰਿਹਾ ਹੈ। ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ (ਸੰਗਠਨ) ਬੀ. ਐੱਲ. ਸੰਤੋਸ਼ ਨੇ ਆਪਣੇ ਦੋ ਰੋਜ਼ਾ ਪੰਜਾਬ ਦੌਰੇ ਦੇ ਅਖੀਰ ਵਿਚ ਅੰਮ੍ਰਿਤਸਰ ਵਿਖੇ ਸੂਬਾਈ ਜਨਰਲ ਸਕੱਤਰਾਂ ਨਾਲ ਇਕ ਗੁਪਤ ਬੈਠਕ ਕੀਤੀ। ਬੈਠਕ ਦੌਰਾਨ ਉਨ੍ਹਾਂ ਨੇ ਪਾਰਟੀ ਦੇ ਆਗੂਆਂ ਨੂੰ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ 'ਤੇ ਸੰਭਾਵਿਤ ਉਮੀਦਵਾਰਾਂ ਦੀ ਪਛਾਣ ਕਰਨ ਦੇ ਸਪਸ਼ਟ ਨਿਰਦੇਸ਼ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਚੋਣਾਂ ਤੋਂ ਕਾਫ਼ੀ ਸਮਾਂ ਪਹਿਲਾਂ ਉਮੀਦਵਾਰਾਂ ਦਾ ਐਲਾਨ ਕਰਨ ਨਾਲ ਉਨ੍ਹਾਂ ਨੂੰ ਆਪਣੇ ਹਲਕਿਆਂ ਵਿਚ ਜਾ ਕੇ ਚੋਣ ਪ੍ਰਚਾਰ ਕਰਨ ਅਤੇ ਵੋਟਰਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਲਈ ਕਾਫ਼ੀ ਸਮਾਂ ਮਿਲ ਜਾਵੇਗਾ। ਪਾਰਟੀ ਵੱਲੋਂ ਉਮੀਦਵਾਰਾਂ ਦੀ ਚੋਣ ਲਈ ਪ੍ਰਾਈਵੇਟ ਏਜੰਸੀਆਂ ਰਾਹੀਂ ਸੁਤੰਤਰ ਸਰਵੇਖਣ ਵੀ ਕਰਵਾਏ ਜਾ ਰਹੇ ਹਨ। ਸੂਤਰਾਂ ਅਨੁਸਾਰ ਬੀ. ਐੱਲ. ਸੰਤੋਸ਼ ਨੇ ਸੰਕੇਤ ਦਿੱਤਾ ਹੈ ਕਿ ਇਨ੍ਹਾਂ ਸਰਵੇਖਣਾਂ ਦੀ ਰਿਪੋਰਟ ਉਮੀਦਵਾਰਾਂ ਦੇ ਪੈਨਲ ਤਿਆਰ ਕਰਨ ਵਿਚ ਅਹਿਮ ਭੂਮਿਕਾ ਨਿਭਾਏਗੀ। ਇਹ ਕਦਮ ਭਾਜਪਾ ਲਈ ਬਹੁਤ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ, ਕਿਉਂਕਿ ਪੰਜਾਬ ਵਿਚ ਰਵਾਇਤੀ ਤੌਰ 'ਤੇ ਪਾਰਟੀ ਦਾ ਸੰਗਠਨਾਤਮਕ ਆਧਾਰ ਸੀਮਤ ਰਿਹਾ ਹੈ।

# ਨੇਪਾਲ ਦੇ ਵਿਨਾਸ਼ਕਾਰੀ ਹੜ੍ਹਾਂ 'ਚ 270 ਲਾਸ਼ਾਂ ਬਰਾਮਦ

# 288 ਭਾਰਤੀਆਂ ਸਣੇ 1,500 ਲੋਕ ਲਾਪਤਾ

**ਨਵੀਂ ਦਿੱਲੀ, 27 ਅਗਸਤ (ਆਵਾਜ਼ਿ ਕੌਮ ਬਿਊਰੋ)**- ਕਰਨਾਟਕ ਦੇ ਉਪ ਮੁੱਖ ਮੰਤਰੀ ਜੀ. ਪਰਮੇਸ਼ਵਰ ਨੇ ਵੀਰਵਾਰ ਨੂੰ ਕਿਹਾ ਕਿ ਨੇਪਾਲ ਦੀ ਯਾਤਰਾ ਕਰਨ ਵਾਲੇ ਪੰਜ ਬੰਗਲੂਰੂ ਨਿਵਾਸੀ ਲਾਪਤਾ ਹਨ ਅਤੇ ਉਨ੍ਹਾਂ ਨਾਲ ਸੰਪਰਕ ਕਰਨ ਅਤੇ ਉਨ੍ਹਾਂ ਨੂੰ ਲੱਭਣ ਦੀਆਂ ਕੋਸ਼ਿਸ਼ਾਂ ਜਾਰੀ ਹਨ। "ਨੇਪਾਲ ਦੀ ਯਾਤਰਾ ਕਰਨ ਵਾਲੇ ਬੰਗਲੂਰੂ ਦੇ ਪੰਜ ਲੋਕ ਲਾਪਤਾ ਹਨ। ਅਸੀਂ ਉਨ੍ਹਾਂ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕਰ ਰਹੇ ਹਾਂ," ਪਰਮੇਸ਼ਵਰ ਨੇ ਇੱਥੇ ਪੱਤਰਕਾਰਾਂ ਨੂੰ ਦੱਸਿਆ। ਉਨ੍ਹਾਂ ਕਿਹਾ ਕਿ ਨੇਪਾਲ ਵਿੱਚ ਫਸੇ ਲੋਕਾਂ ਲਈ ਰਾਹਤ ਅਤੇ ਬਚਾਅ ਕਾਰਜਾਂ ਦੀ ਨਿਗਰਾਨੀ ਲਈ ਰਾਜ ਸਰਕਾਰ ਦੇ ਇੱਕ ਸੀਨੀਅਰ ਅਧਿਕਾਰੀ ਅਤੇ ਜੇਕਰ ਲੋੜ ਪਈ ਤਾਂ ਇੱਕ ਮੰਤਰੀ ਨੂੰ ਕਾਠਮੰਡੂ ਭੇਜਿਆ ਜਾਵੇਗਾ। ਨੇਪਾਲ-ਚੀਨ ਸਰਹੱਦ 'ਤੇ ਹੜ੍ਹਾਂ ਨੇ ਸਥਿਤੀ ਨੂੰ ਹੋਰ ਵੀ ਵਿਗੜ ਦਿੱਤਾ ਹੈ, ਜਿਸ ਕਾਰਨ ਪਹਾੜੀ ਦੇਸ਼ ਵਿੱਚ ਹੜ੍ਹ ਆ ਗਿਆ ਹੈ। ਮਾਨਸਰੋਵਰ ਯਾਤਰਾ 'ਤੇ ਗਏ 133 ਭਾਰਤੀ



ਸਮੇਤ ਸੈਂਕੜੇ ਲੋਕ ਲਾਪਤਾ ਦੱਸੇ ਜਾ ਰਹੇ ਹਨ। ਨੇਪਾਲ ਦੀ ਭੋਟੇ ਕੋਸ਼ੀ ਨਦੀ ਵਿੱਚ ਹੜ੍ਹ ਕਾਰਨ ਹੋਈਆਂ ਮੌਤਾਂ ਦੀ ਗਿਣਤੀ 61 ਤੱਕ ਪਹੁੰਚ ਗਈ ਹੈ, ਜਦੋਂ ਕਿ 500 ਲੋਕ ਲਾਪਤਾ ਦੱਸੇ ਜਾ ਰਹੇ ਹਨ। ਨੇਪਾਲ ਵਿੱਚ ਆਫ਼ਤ ਤੋਂ ਪ੍ਰਭਾਵਿਤ ਭਾਰਤੀ ਨਾਗਰਿਕਾਂ ਲਈ ਜਲਦੀ ਤੋਂ ਜਲਦੀ ਬਚਾਅ ਅਤੇ ਰਾਹਤ ਯਕੀਨੀ ਬਣਾਉਣ ਲਈ ਭਾਰਤੀ ਦੂਤਾਵਾਸ ਨੇਪਾਲ ਸਰਕਾਰ ਦੇ ਸਬੰਧਤ ਅਧਿਕਾਰੀਆਂ ਨਾਲ ਲਗਾਤਾਰ ਸੰਪਰਕ ਵਿੱਚ ਹੈ। ਇਸ ਦੌਰਾਨ, ਕਾਠਮੰਡੂ ਵਿੱਚ ਭਾਰਤੀ ਦੂਤਾਵਾਸ ਨੇ ਭਾਰਤੀਆਂ ਨੂੰ ਸਹਾਇਤਾ ਅਤੇ ਜਾਣਕਾਰੀ ਪ੍ਰਦਾਨ ਕਰਨ ਲਈ ਹੈਲਪਲਾਈਨ ਨੰਬਰ (+977 985 131 6807, +977 970 910 7500) ਜਾਰੀ ਕੀਤੇ ਹਨ। ਬਿਹਾਰ ਵਿੱਚ ਹੜ੍ਹਾਂ ਦੀ ਸਥਿਤੀ ਬਾਰੇ ਬੋਲਦਿਆਂ, ਕੇਂਦਰੀ ਰਾਜ ਮੰਤਰੀ ਨਿਤਿਆਨੰਦ ਰਾਏ ਨੇ ਕਿਹਾ ਕਿ ਰਾਜ ਵਿੱਚ ਹੜ੍ਹਾਂ ਦੀ ਸਥਿਤੀ ਪੈਦਾ ਹੋ ਗਈ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਹੜ੍ਹਾਂ ਦਾ ਸਾਹਮਣਾ ਕਰ ਰਹੇ ਰਾਜਾਂ ਦੀ ਸਹਾਇਤਾ ਲਈ ਹਮੇਸ਼ਾ ਤਿਆਰ ਹੈ। ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਵਿੱਚ ਮਾਨਸੂਨ ਸੀਜ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਵਿਆਪਕ ਤਿਆਰੀਆਂ ਕੀਤੀਆਂ ਗਈਆਂ ਸਨ।

## ਪੰਜਾਬ ਵਿਧਾਨ ਸਭਾ ਚੋਣਾਂ ਲਈ ਉਮੀਦਵਾਰਾਂ ਦੇ ਐਲਾਨ ਬਾਰੇ ਭਾਜਪਾ ਦਾ ਵੱਡਾ ਫ਼ੈਸਲਾ

**ਚੰਡੀਗੜ੍ਹ, 27 ਅਗਸਤ (ਆਵਾਜ਼ਿ ਕੌਮ ਬਿਊਰੋ)**- ਭਾਰਤੀ ਜਨਤਾ ਪਾਰਟੀ ਅਗਲੇ ਸਾਲ ਹੋਣ ਪੰਜਾਬ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਆਪਣੇ ਉਮੀਦਵਾਰਾਂ ਦੀ ਪਹਿਲੀ ਸੂਚੀ ਦਸੰਬਰ ਦੇ ਪਹਿਲੇ ਹਫ਼ਤੇ ਤੱਕ ਜਾਰੀ ਕਰ ਸਕਦੀ ਹੈ। ਇਹ ਫ਼ੈਸਲਾ ਫਰਵਰੀ ਵਿਚ ਹੋਣ ਵਾਲੀਆਂ ਸੰਭਾਵਿਤ ਚੋਣਾਂ ਤੋਂ ਕਾਫ਼ੀ ਸਮਾਂ ਪਹਿਲਾਂ ਉਮੀਦਵਾਰਾਂ ਨੂੰ ਚੋਣ ਮੁਹਿੰਮ ਦੀ ਤਿਆਰੀ ਦਾ ਮੌਕਾ ਦੇਣ ਲਈ ਲਿਆ ਜਾ ਰਿਹਾ ਹੈ। ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ (ਸੰਗਠਨ) ਬੀ. ਐੱਲ. ਸੰਤੋਸ਼ ਨੇ ਆਪਣੇ ਦੋ ਰੋਜ਼ਾ ਪੰਜਾਬ ਦੌਰੇ ਦੇ ਅਖੀਰ ਵਿਚ ਅੰਮ੍ਰਿਤਸਰ ਵਿਖੇ ਸੂਬਾਈ ਜਨਰਲ ਸਕੱਤਰਾਂ ਨਾਲ ਇਕ ਗੁਪਤ ਬੈਠਕ ਕੀਤੀ। ਬੈਠਕ ਦੌਰਾਨ ਉਨ੍ਹਾਂ ਨੇ ਪਾਰਟੀ ਦੇ ਆਗੂਆਂ ਨੂੰ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ 'ਤੇ ਸੰਭਾਵਿਤ ਉਮੀਦਵਾਰਾਂ ਦੀ ਪਛਾਣ ਕਰਨ ਦੇ ਸਪਸ਼ਟ ਨਿਰਦੇਸ਼ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਚੋਣਾਂ ਤੋਂ ਕਾਫ਼ੀ ਸਮਾਂ ਪਹਿਲਾਂ ਉਮੀਦਵਾਰਾਂ ਦਾ ਐਲਾਨ ਕਰਨ ਨਾਲ ਉਨ੍ਹਾਂ ਨੂੰ ਆਪਣੇ ਹਲਕਿਆਂ ਵਿਚ ਜਾ ਕੇ ਚੋਣ ਪ੍ਰਚਾਰ ਕਰਨ ਅਤੇ ਵੋਟਰਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਲਈ ਕਾਫ਼ੀ ਸਮਾਂ ਮਿਲ ਜਾਵੇਗਾ। ਪਾਰਟੀ ਵੱਲੋਂ ਉਮੀਦਵਾਰਾਂ ਦੀ ਚੋਣ ਲਈ ਪ੍ਰਾਈਵੇਟ ਏਜੰਸੀਆਂ ਰਾਹੀਂ ਸੁਤੰਤਰ ਸਰਵੇਖਣ ਵੀ ਕਰਵਾਏ ਜਾ ਰਹੇ ਹਨ। ਸੂਤਰਾਂ ਅਨੁਸਾਰ ਬੀ. ਐੱਲ. ਸੰਤੋਸ਼ ਨੇ ਸੰਕੇਤ ਦਿੱਤਾ ਹੈ ਕਿ ਇਨ੍ਹਾਂ ਸਰਵੇਖਣਾਂ ਦੀ ਰਿਪੋਰਟ ਉਮੀਦਵਾਰਾਂ ਦੇ ਪੈਨਲ ਤਿਆਰ ਕਰਨ ਵਿਚ ਅਹਿਮ ਭੂਮਿਕਾ ਨਿਭਾਏਗੀ। ਇਹ ਕਦਮ ਭਾਜਪਾ ਲਈ ਬਹੁਤ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ, ਕਿਉਂਕਿ ਪੰਜਾਬ ਵਿਚ ਰਵਾਇਤੀ ਤੌਰ 'ਤੇ ਪਾਰਟੀ ਦਾ ਸੰਗਠਨਾਤਮਕ ਆਧਾਰ ਸੀਮਤ ਰਿਹਾ ਹੈ। ਜਦੋਂ ਭਾਜਪਾ ਦਾ ਸ਼੍ਰੋਮਣੀ ਅਕਾਲੀ ਦਲ ਨਾਲ ਗੱਠਜੋੜ ਸੀ, ਤਾਂ ਪਾਰਟੀ ਪੰਜਾਬ ਦੀਆਂ 117 ਸੀਟਾਂ ਵਿੱਚੋਂ ਸਿਰਫ਼ 23 ਸੀਟਾਂ 'ਤੇ ਚੋਣ ਲੜਦੀ ਸੀ। ਪਰ 2022 ਦੀਆਂ ਵਿਧਾਨ ਸਭਾ ਚੋਣਾਂ ਵਿਚ ਅਕਾਲੀ ਦਲ ਤੋਂ ਵੱਖ ਹੋ ਕੇ ਭਾਜਪਾ ਨੇ ਕੈਪਟਨ ਅਮਰਿੰਦਰ ਸਿੰਘ ਦੀ ਪੰਜਾਬ ਲੋਕ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਨਾਲ ਗੱਠਜੋੜ ਕਰਕੇ 70 ਸੀਟਾਂ 'ਤੇ ਚੋਣ ਲੜੀ ਸੀ। ਇਸ ਵਿਚ ਪਾਰਟੀ ਸਿਰਫ਼ 2 ਸੀਟਾਂ ਜਿੱਤ ਸਕੀ ਸੀ ਅਤੇ ਉਸ ਨੂੰ ਲਗਭਗ 6 ਫੀਸਦੀ ਵੋਟਾਂ ਮਿਲੀਆਂ ਸਨ। ਪਾਰਟੀ ਲੀਡਰਸ਼ਿਪ ਦਾ ਮੰਨਣਾ ਹੈ ਕਿ ਉਮੀਦਵਾਰਾਂ ਦਾ ਜਲਦੀ ਐਲਾਨ ਕਰਨ ਨਾਲ ਹਲਕਾ ਪੱਧਰ 'ਤੇ ਸੰਗਠਨ ਮਜ਼ਬੂਤ ਹੋਵੇਗਾ ਅਤੇ ਲੰਬਾ ਚੋਣ ਪ੍ਰਚਾਰ ਚਲਾਇਆ ਜਾ ਸਕੇਗਾ।

## ਯੂਪੀ ਦੇ ਕਾਨਪੁਰ ਵਿੱਚ ਜਹਾਜ਼ ਹਾਦਸਾ; ਗੰਗਾ ਬੈਰਾਜ ਨੇੜੇ ਸਿਖਲਾਈ ਜਹਾਜ਼ ਹੋਇਆ ਹਾਦਸਾਗ੍ਰਸਤ; ਦੋਵੇਂ ਪਾਇਲਟਾਂ ਦੀ ਮੌਤ



**ਕਾਨ੍ਹਪੁਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**- ਕਾਨਪੁਰ ਵਿੱਚ ਇੱਕ ਗੰਭੀਰ ਜਹਾਜ਼ ਹਾਦਸਾ ਵਾਪਰਿਆ ਹੈ। ਗੰਗਾ ਬੈਰਾਜ ਦੇ ਨੇੜੇ ਇੱਕ ਸਿਖਲਾਈ ਜਹਾਜ਼ ਹਾਦਸਾਗ੍ਰਸਤ ਹੋ ਗਿਆ, ਜਿਸ ਕਾਰਨ ਦੋਵੇਂ ਪਾਇਲਟਾਂ ਦੀ ਮੌਤ ਹੋ ਗਈ। ਰਿਪੋਰਟਾਂ ਅਨੁਸਾਰ, ਇਹ ਘਟਨਾ ਗੰਗਾ ਬੈਰਾਜ ਦੇ ਨੇੜੇ ਨੱਥਪੁਰਵਾ ਪਿੰਡ ਵਿੱਚ ਵਾਪਰੀ। ਦੋਹਰੇ ਇੰਜਣ ਵਾਲਾ ਸਿਖਲਾਈ ਜਹਾਜ਼ ਇੱਕ ਖੇਤ ਵਿੱਚ ਟਕਰਾ ਗਿਆ, ਜਿਸ ਕਾਰਨ ਇਲਾਕੇ ਵਿੱਚ ਦਹਿਸ਼ਤ ਫੈਲ ਗਈ। ਘਟਨਾ ਤੋਂ ਬਾਅਦ ਪਿੰਡ ਵਾਸੀਆਂ ਦੀ ਵੱਡੀ ਭੀੜ ਮੌਕੇ 'ਤੇ ਇਕੱਠੀ ਹੋ ਗਈ, ਜਿਸ ਕਾਰਨ ਹਫੜਾ-ਦਫੜੀ ਵਾਲੀ ਸਥਿਤੀ ਪੈਦਾ ਹੋ ਗਈ। ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਪਾਇਲਟ, ਸਚਿਨ ਭਾਟੀਆ, ਗੁਜਰਾਤ ਦਾ ਰਹਿਣ ਵਾਲਾ ਸੀ, ਜਦੋਂ ਕਿ ਸਹਿ-ਪਾਇਲਟ, ਅਭਿਸ਼ੇਕ, ਕਰਨਾਟਕ ਦਾ ਰਹਿਣ ਵਾਲਾ ਸੀ। ਹਾਦਸਾ ਸਵੇਰੇ 11:50 ਵਜੇ ਦੇ ਕਰੀਬ ਹੋਇਆ; ਜਹਾਜ਼ ਚਾਰ ਸੀਟਾਂ ਵਾਲਾ ਸੀ। ਹਾਦਸੇ ਤੋਂ ਤੁਰੰਤ ਬਾਅਦ ਪੁਲਿਸ ਅਤੇ ਬਚਾਅ ਟੀਮਾਂ ਮੌਕੇ 'ਤੇ ਪਹੁੰਚੀਆਂ, ਅਤੇ ਬਚਾਅ ਕਾਰਜ ਇਸ ਸਮੇਂ ਜਾਰੀ ਹਨ। ਇਸ ਸਮੇਂ ਹਾਦਸੇ ਦਾ ਕਾਰਨ ਅਤੇ ਜਹਾਜ਼ ਵਿੱਚ ਸਵਾਰ ਲੋਕਾਂ ਦੀ ਪਛਾਣ ਸਪੱਸ਼ਟ ਨਹੀਂ ਹੈ। ਪੁਲਿਸ ਅਤੇ ਸਬੰਧਤ ਅਧਿਕਾਰੀ ਇਸ ਸਮੇਂ ਘਟਨਾ ਸਥਾਨ 'ਤੇ ਜਾਂਚ ਕਰ ਰਹੇ ਹਨ। ਇਸ ਘਟਨਾ ਨੇ ਗੰਗਾ ਬੈਰਾਜ ਖੇਤਰ ਵਿੱਚ ਜ਼ਰੂਰ ਹਫੜਾ-ਦਫੜੀ ਮਚਾ ਦਿੱਤੀ ਹੈ। ਕਾਨਪੁਰ ਦੇ ਪੁਲਿਸ ਕਮਿਸ਼ਨਰ ਰਘੁਬੀਰ ਲਾਲ ਨੇ ਦੱਸਿਆ ਕਿ ਗਵਾਲਟੋਲੀ ਖੇਤਰ ਦੇ ਨੱਥਾਪੁਰਵਾ ਪਿੰਡ ਦੇ ਬਾਹਰਵਾਰ ਇੱਕ ਛੋਟਾ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਜਹਾਜ਼ ਨੇ ਗਰਗ ਏਵੀਏਸ਼ਨ ਟ੍ਰੇਨਿੰਗ ਸੈਂਟਰ ਤੋਂ ਲਗਭਗ 11:30 ਵਜੇ ਉਡਾਣ ਭਰੀ ਸੀ। ਇਹ ਚਾਰ-ਸੀਟਰ, ਦੋ ਇੰਜਣਾਂ ਵਾਲਾ ਟੈਕਨਾਮ ਜਹਾਜ਼ ਸੀ। ਹਾਦਸਾ ਸਵੇਰੇ 11:50 ਵਜੇ ਦੇ ਕਰੀਬ ਹੋਇਆ। ਟ੍ਰੇਨਰ (ਇੰਸਟ੍ਰਕਟਰ) ਸਚਿਨ ਭਾਟੀਆ (ਗੁਜਰਾਤ ਤੋਂ) ਅਤੇ ਟ੍ਰੇਨੀ ਅਭਿਸ਼ੇਕ ਪੁਜਾਰੀ (ਕਰਨਾਟਕ ਤੋਂ) ਹਾਦਸੇ ਵਿੱਚ ਆਪਣੀਆਂ ਜਾਨਾਂ ਗੁਆ ਬੈਠੇ। ਪੁਲਿਸ ਨੇ ਹਾਦਸੇ ਵਾਲੀ ਥਾਂ ਨੂੰ ਸੁਰੱਖਿਅਤ ਕਰ ਲਿਆ ਹੈ ਅਤੇ ਲੋੜੀਂਦੀਆਂ ਪ੍ਰਕਿਰਿਆਵਾਂ ਸ਼ੁਰੂ ਕਰ ਦਿੱਤੀਆਂ ਹਨ। ਅਧਿਕਾਰੀਆਂ ਨੇ ਦੱਸਿਆ ਕਿ ਡੀਜੀਸੀਏ ਨੂੰ ਘਟਨਾ ਬਾਰੇ ਸੂਚਿਤ ਕਰ ਦਿੱਤਾ ਗਿਆ ਹੈ।

## ਪੰਜਾਬ 'ਚ 'ਮਹਾਂ' ਹੜਤਾਲ; ਸਰਕਾਰੀ ਮੁਲਾਜ਼ਮਾਂ ਵੱਲੋਂ ਕੰਮਕਾਜ ਠੱਪ

**ਚੰਡੀਗੜ੍ਹ, 27 ਅਗਸਤ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਦੇ ਲਗਭਗ ਤਿੰਨ ਲੱਖ ਕਰਮਚਾਰੀ ਅੱਜ ਵੱਖ-ਵੱਖ ਮੰਗਾਂ ਦੇ ਸਮਰਥਨ ਵਿੱਚ ਹੜਤਾਲ 'ਤੇ ਰਹਿਣਗੇ। ਤਿੰਨ ਲੱਖ ਪੱਚੀ ਹਜ਼ਾਰ ਪੈਨਸ਼ਨਰ ਵੀ ਹੜਤਾਲ ਦਾ ਸਮਰਥਨ ਕਰਨਗੇ। ਸਰਕਾਰੀ ਦਫ਼ਤਰਾਂ ਵਿੱਚ ਕੰਮ ਬੰਦ ਰਹੇਗਾ ਜਦੋਂ ਕਿ ਹਸਪਤਾਲਾਂ ਵਿੱਚ ਓਪੀਡੀ ਸੇਵਾਵਾਂ ਬੰਦ ਰਹਿਣਗੀਆਂ। ਹਾਲਾਂਕਿ, ਐਮਰਜੈਂਸੀ ਸੇਵਾਵਾਂ ਜਾਰੀ ਰਹਿਣਗੀਆਂ। ਹੜਤਾਲ ਦੇ ਵਿਚਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਲੰਧਰ ਵਿੱਚ ਗੱਲਬਾਤ ਲਈ ਕਰਮਚਾਰੀ ਸੰਗਠਨਾਂ ਦੇ 10 ਮੈਂਬਰੀ ਵਫ਼ਦ ਨੂੰ ਬੁਲਾਇਆ ਹੈ। ਪੰਜਾਬ ਸਿਵਲ ਮੈਡੀਕਲ ਸਰਵਿਸਿਜ਼ ਐਸੋਸੀਏਸ਼ਨ ਨੇ ਹੜਤਾਲ ਦੇ ਸਮਰਥਨ ਵਿੱਚ ਇੱਕ ਦਿਨ ਲਈ ਆਊਟਪੇਸ਼ੈਂਟ ਸੇਵਾਵਾਂ ਬੰਦ ਕਰਨ ਦਾ ਫੈਸਲਾ ਕੀਤਾ ਹੈ। ਅਨੁਸੂਚਿਤ ਚੋਣਵੇਂ ਸਰਜਰੀਆਂ ਨੂੰ ਵੀ ਮੁਲਤਵੀ ਕਰ ਦਿੱਤਾ ਜਾਵੇਗਾ। ਹਾਲਾਂਕਿ, ਐਮਰਜੈਂਸੀ ਸੇਵਾਵਾਂ, ਮੈਟਰਨਿਟੀ ਕੇਅਰ, ਐਮਰਜੈਂਸੀ ਸਰਜਰੀਆਂ,




ਇਨਪੇਸ਼ੈਂਟਾਂ ਦਾ ਇਲਾਜ, ਪੋਸਟਮਾਰਟਮ ਅਤੇ ਫੋਰੈਂਸਿਕ ਮੈਡੀਕਲ ਜਾਂਚਾਂ ਜਾਰੀ ਰਹਿਣਗੀਆਂ। ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੀਆਂ ਲੰਬਿਤ ਮੰਗਾਂ ਲਈ ਦਬਾਅ ਪਾਉਣ ਲਈ ਵੱਖ-ਵੱਖ ਕਰਮਚਾਰੀ ਸੰਗਠਨਾਂ ਨੇ 27 ਅਗਸਤ ਨੂੰ ਪੰਜਾਬ ਮਹਾਂਬੰਦ ਦਾ ਸੱਦਾ ਦਿੱਤਾ ਹੈ। ਹਜ਼ਾਰਾਂ ਸਰਕਾਰੀ ਕਰਮਚਾਰੀਆਂ ਦੁਆਰਾ ਪ੍ਰਸਤਾਵਿਤ ਵਿਰੋਧ ਪ੍ਰਦਰਸ਼ਨ ਦੀ ਉਮੀਦ ਵਿੱਚ ਚੰਡੀਗੜ੍ਹ ਪੁਲਿਸ ਨੇ ਸੁਰੱਖਿਆ ਸਖ਼ਤ ਕਰ ਦਿੱਤੀ ਹੈ। ਇਨ੍ਹਾਂ ਕਰਮਚਾਰੀਆਂ ਦੇ ਸੈਕਟਰ 17 ਦੇ ਮਿੰਨੀ ਸਕੱਤਰੇਤ ਵਿਖੇ ਇਕੱਠੇ ਹੋਣ ਅਤੇ ਉੱਥੋਂ ਪੰਜਾਬ ਸਕੱਤਰੇਤ ਵੱਲ ਮਾਰਚ ਕਰਨ ਦੀ ਉਮੀਦ ਹੈ। ਇਸ ਵਿਰੋਧ ਪ੍ਰਦਰਸ਼ਨ ਦੀ ਉਮੀਦ ਵਿੱਚ ਸ਼ਹਿਰ ਵਿੱਚ ਲਗਭਗ 1,200 ਪੁਲਿਸ ਕਰਮਚਾਰੀ ਤਾਇਨਾਤ ਕੀਤੇ ਗਏ ਹਨ। ਅੰਮ੍ਰਿਤਸਰ ਦੇ ਸਰਕਾਰੀ ਗੁਰੂ ਨਾਨਕ ਦੇਵ ਹਸਪਤਾਲ ਤੇ ਸਿਵਲ ਹਸਪਤਾਲ ਦੇ ਸਾਰੇ ਮੁਲਾਜ਼ਮ ਹੜਤਾਲ 'ਤੇ ਚੱਲ ਗਏ ਹਨ। ਹਸਪਤਾਲਾਂ 'ਚ ਓਪੀਡੀ ਮੁਕੰਮਲ ਰੂਪ 'ਚ ਬੰਦ ਹੋਈ। ਜਿਸ ਦੇ ਚੱਲਦੇ ਮਰੀਜ਼ਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਸਨਾਟਾ ਛਾਇਆ ਹੋਇਆ ਹੈ। ਸਮੂਹ ਮੁਲਾਜ਼ਮ ਹੜਤਾਲ 'ਤੇ ਗਏ। ਜਿਸ ਕਾਰਨ ਆਮ ਲੋਕਾਂ ਨੂੰ ਪਰੇਸ਼ਾਨੀ ਝੱਲਣੀ ਪੈ ਰਹੀ ਹੈ। ਮੁਲਾਜ਼ਮਾਂ ਵੱਲੋਂ ਅੱਜ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਪਟਿਆਲਾ 'ਚ ਹੜਤਾਲ ਕਾਰਨ ਕਈ ਸਰਕਾਰੀ ਦਫ਼ਤਰਾਂ ਵਿੱਚ ਕੰਮਕਾਜ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ ਅਤੇ ਦਫ਼ਤਰ ਸੁੰਨੇ ਪਏ ਨਜ਼ਰ ਆ ਸਕਦੇ ਹਨ। ਕਰਮਚਾਰੀ ਜਥੇਬੰਦੀਆਂ ਦਾ ਕਹਿਣਾ ਹੈ ਕਿ ਸਰਕਾਰ ਵੱਲੋਂ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਪੂਰਾ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਉਨ੍ਹਾਂ ਨੂੰ ਸੰਘਰਸ਼ ਦਾ ਰਾਹ ਅਪਣਾਉਣਾ ਪਿਆ ਹੈ। ਦੱਸ ਦਈਏ ਕਿ ਪੰਜਾਬ ਵਿੱਚ ਸਰਕਾਰੀ ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਮਹਾਂ ਹੜਤਾਲ ਦੀ ਕਾਲ ਦਿੱਤੀ ਗਈ ਹੈ।

## ਹੜਤਾਲੀ ਮੁਲਾਜ਼ਮਾਂ ਨਾਲ ਮੀਟਿੰਗ ਕਰਨ ਤੋਂ ਭੱਜੀ ਪੰਜਾਬ ਸਰਕਾਰ !

**ਚੰਡੀਗੜ੍ਹ, 27 ਅਗਸਤ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਭਰ 'ਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਹੜਤਾਲ ਕੀਤੀ ਜਾ ਰਹੀ ਹੈ। ਦੂਜੇ ਪਾਸੇ ਅੱਜ ਮੁਲਾਜ਼ਮਾਂ ਦੀ ਮੀਟਿੰਗ ਸੀਐੱਮ ਭਗਵੰਤ ਮਾਨ ਨਾਲ ਮੀਟਿੰਗ ਲਈ ਵੀ ਸੱਦਾ ਦਿੱਤਾ ਗਿਆ ਸੀ ਪਰ ਹੁਣ ਇਸ ਮੀਟਿੰਗ ਤੋਂ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਦਾ ਬਿਆਨ ਸਾਹਮਣੇ ਆਇਆ ਹੈ। ਦਰਅਸਲ ਸੀਐੱਮ ਭਗਵੰਤ ਮਾਨ ਨੇ ਸੋਸ਼ਲ ਮੀਡੀਆ ਐਕਸ 'ਤੇ ਕਿਹਾ ਕਿ ਮੁਲਾਜ਼ਮ ਸਾਡੇ ਪਰਿਵਾਰ ਦਾ ਅਹਿਮ ਹਿੱਸਾ ਹਨ ਅਤੇ ਅਸੀਂ ਉਨ੍ਹਾਂ ਦੀ ਹਰ ਜਾਇਜ਼ ਗੱਲ ਸੁਣਨ ਲਈ ਤਿਆਰ ਹਾਂ। ਪਰ ਗੱਲਬਾਤ ਅਤੇ ਹੜਤਾਲ ਦੋਵੇਂ ਇਕੱਠੀਆਂ ਨਹੀਂ



ਚੱਲ ਸਕਦੀਆਂ। ਸਰਕਾਰ ਹਰ ਮਸਲੇ ਦਾ ਹੱਲ ਕੱਢਣ ਲਈ ਵਚਨਬੱਧ ਹੈ, ਪਰ ਗੱਲਬਾਤ ਉਦੋਂ ਹੀ ਹੋਵੇਗੀ ਜਦੋਂ ਹੜਤਾਲ ਖ਼ਤਮ ਕੀਤੀ ਜਾਵੇਗੀ। ਦੂਜੇ ਪਾਸੇ ਮੁਲਾਜ਼ਮ ਮੀਟਿੰਗ ਦੇ ਲਈ ਜਲੰਧਰ ਵਿਖੇ ਪਹੁੰਚ ਚੁੱਕੇ ਹਨ। ਜਿੱਥੇ ਸਥਿਤੀ ਕਾਫੀ ਤਣਾਅਪੂਰਨ ਬਣੀ ਹੋਈ ਦਿਖ ਰਹੀ ਹੈ। ਦੱਸ ਦਈਏ ਜਲੰਧਰ 'ਚ ਮੁਲਾਜ਼ਮਾਂ ਨੇ ਮੀਟਿੰਗ ਲਈ 20 ਮਿੰਟ ਦਾ ਅਲਟੀਮੇਟਮ ਦਿੱਤਾ ਸੀ ਪਰ ਇਸ 20 ਮਿੰਟ ਤੋਂ ਬਾਅਦ ਵੀ ਮੁਲਾਜ਼ਮਾਂ ਦੀ ਸੀਐੱਮ ਮਾਨ ਦੇ ਨਾਲ ਮੀਟਿੰਗ ਨਹੀਂ ਹੋਈ। ਜਿਸ ਤੋਂ ਬਾਅਦ ਹੁਣ ਜਥੇਬੰਦੀਆਂ ਨੇ ਇਹ ਆਖ ਦਿੱਤਾ ਹੈ ਕਿ ਹੁਣ ਉਨ੍ਹਾਂ ਵੱਲੋਂ ਵੀ ਕੋਈ ਮੀਟਿੰਗ ਨਹੀਂ ਕੀਤੀ ਜਾਵੇਗੀ। ਕਾਬਿਲੇਗੌਰ ਹੈ ਕਿ ਮੁਲਾਜ਼ਮਾਂ ਦਾ ਕਹਿਣਾ ਹੈ ਕਿ ਉਨ੍ਹਾਂ ਵੱਲੋਂ ਜਲੰਧਰ 'ਚ ਰਾਤ ਤੱਕ ਮੀਟਿੰਗ ਦੇ ਲਈ ਉਡੀਕ ਕੀਤੀ ਜਾਵੇਗੀ। ਪਰ ਮੁੱਖ ਮੰਤਰੀ ਭਗਵੰਤ ਮਾਨ ਮੀਟਿੰਗ ਤੋਂ ਭੱਜੇ ਹਨ। ਮੁਲਾਜ਼ਮ ਜਥੇਬੰਦੀਆਂ ਨੇ ਸਾਫ ਤੌਰ 'ਤੇ ਕਿਹਾ ਹੈ ਕਿ 27 ਦੀਆਂ ਚੋਣਾਂ 'ਚ ਉਨ੍ਹਾਂ ਵੱਲੋਂ ਜਵਾਬ ਦਿੱਤਾ ਜਾਵੇਗਾ। ਸੀਐੱਮ ਭਗਵੰਤ ਮਾਨ ਆਪਣੇ ਕੀਤੇ ਵਾਅਦਿਆਂ ਤੋਂ ਮੁਕਰ ਰਹੀ ਹੈ। ਉਨ੍ਹਾਂ ਵੱਲੋਂ ਹੜਤਾਲ ਨੂੰ ਖਤਮ ਨਹੀਂ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਆਫ਼ ਪੁਲਿਸ ਮਨਪ੍ਰੀਤ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਨੇ ਦੱਸਿਆ ਹੈ ਕਿ ਕਰਮਚਾਰੀਆਂ ਨਾਲ ਮੀਟਿੰਗ ਅਗਲੇ ਹਫ਼ਤੇ ਤੱਕ ਮੁਲਤਵੀ ਕਰ ਦਿੱਤੀ ਗਈ ਹੈ। ਹਾਲਾਂਕਿ, ਮੁਲਾਜ਼ਮ ਜਥੇਬੰਦੀ ਮੁੱਖ ਮੰਤਰੀ ਨੂੰ ਮਿਲਣ ਦੇ ਮੌਕੇ ਦੀ ਉਡੀਕ ਵਿੱਚ ਦੀ ਰਹੇ। ਯੂਨੀਅਨਾਂ ਨੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਜਾਂ ਵਿੱਤ ਸਕੱਤਰ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਨ ਤੋਂ ਵੀ ਇਨਕਾਰ ਕਰ ਦਿੱਤਾ ਸੀ।

### ਬ੍ਰਿਸਬੇਨ ਪੰਜਾਬੀ ਕਮਿਊਨਿਟੀ ਕਲੱਬ ਕਲੈਮਵੇਲ ਵੱਲੋਂ

# ਸਾਲਾਨਾ ਫੁੱਟਬਾਲ ਟੂਰਨਾਮੈਂਟ 3 ਅਤੇ 4 ਅਕਤੂਬਰ ਨੂੰ

**ਬ੍ਰਿਸਬੇਨ, 27 ਅਗਸਤ (ਆਵਾਜ਼ਿ ਕੌਮ ਬਿਊਰੋ)**- ਬ੍ਰਿਸਬੇਨ ਪੰਜਾਬੀ ਕਮਿਊਨਿਟੀ ਕਲੱਬ ਕਲੈਮਵੇਲ, ਜਿਸ ਨੂੰ BPCC ਵੀ ਕਿਹਾ ਜਾਂਦਾ ਹੈ, ਜਿਸ ਦੀ ਸਥਾਪਨਾ 2008 ਵਿੱਚ ਬ੍ਰਿਸਬੇਨ ਵਿੱਚ ਵਸਦੇ ਪੰਜਾਬੀ ਭਾਈਚਾਰੇ ਅਤੇ NRI ਭੈਣ-ਭਰਾਵਾਂ ਦੀਆਂ ਖੇਡਾਂ ਅਤੇ ਸੱਭਿਆਚਾਰਕ ਲੋੜਾਂ ਨੂੰ ਪੂਰਾ ਕਰਨ ਲਈ ਕੀਤੀ ਗਈ ਸੀ, ਵੱਲੋਂ ਆਪਣਾ ਸਾਲਾਨਾ ਫੁੱਟਬਾਲ ਟੂਰਨਾਮੈਂਟ 3 ਅਤੇ 4 ਅਕਤੂਬਰ 2026 ਨੂੰ ਕਰਵਾਇਆ ਜਾ ਰਿਹਾ ਹੈ। ਇਹ ਟੂਰਨਾਮੈਂਟ ਕੁਈਨਜ਼ਲੈਂਡ ਸੂਬੇ ਦਾ ਸਭ ਤੋਂ ਵੱਡਾ ਟੂਰਨਾਮੈਂਟ ਹੈ ਅਤੇ ਇਸ ਵਿੱਚ ਕਈ ਚੈਂਪੀਅਨ ਟੀਮਾਂ ਹਿੱਸਾ ਲੈਂਦੀਆਂ ਹਨ, ਜੋ ਆਸਟ੍ਰੇਲੀਅਨ ਸਿੱਖ ਖੇਡਾਂ ਵਿੱਚ ਵੀ ਭਾਗ ਲੈਂਦੀਆਂ ਹਨ। ਮੌਜੂਦਾ ਪ੍ਰਧਾਨ ਸਰਦਾਰ ਜਗਦੀਪ ਸਿੰਘ ਜੀ ਦੀ ਅਗਵਾਈ ਹੇਠ, ਇਹ ਟੂਰਨਾਮੈਂਟ ਲਗਾਤਾਰ ਵਧ ਰਿਹਾ ਹੈ। ਇਸ ਵਾਰ 13 ਲੱਖ ਰੁਪਏ ਤੋਂ ਵੱਧ ਦਾ ਇਨਾਮ ਰੱਖਿਆ ਗਿਆ ਹੈ ਅਤੇ ਰਿਕਾਰਡ 70 ਤੋਂ ਵੱਧ ਟੀਮਾਂ ਹਿੱਸਾ ਲੈ ਰਹੀਆਂ ਹਨ, ਜਿਨ੍ਹਾਂ ਵਿੱਚ 1000 ਕਿਲੋਮੀਟਰ ਦੂਰ ਸਿਡਨੀ ਅਤੇ 2000 ਕਿਲੋਮੀਟਰ ਦੂਰ ਮੈਲਬੌਰਨ ਤੋਂ ਆ ਰਹੀਆਂ ਟੀਮਾਂ ਵੀ ਸ਼ਾਮਲ ਹਨ। ਕਲੱਬ ਦੇ ਕਈ ਸੀਨੀਅਰ ਮੈਂਬਰਾਂ, ਜਿਵੇਂ ਕਿ ਡਾਕਟਰ ਪਰਮਜੀਤ ਸਿੰਘ, ਰੌਕੀ ਭੁੱਲਰ, ਤਲਵੀਰ ਗੜ੍ਹਚਾ, ਡਾਕਟਰ ਪ੍ਰਵੀ ਸਿੰਘ, ਦੀਪਿੰਦਰ ਸਿੰਘ, ਹਰਪ੍ਰੀਤ ਅਟਵਾਲ, ਦਲਜੀਤ ਸਿੰਘ ਧਾਮੀ ਜੋ ਕਿ ਮੌਜੂਦਾ ਰਾਸ਼ਟਰੀ ANSSACC ਪ੍ਰਧਾਨ ਹਨ, ਸਿਮਰਨਜੀਤ ਸਿੰਘ, ਬੌਬੀ ਜੌਹਲ, ਗਿੰਨੀ ਗਿੱਲ, ਹਰਜੀਤ ਸਿੰਘ, ਬਲਵਿੰਦਰ ਸਿੰਘ, ਸੁਰਜੀਤ ਠਿਆਰਾ, ਰਵਿੰਦਰ ਠਾਂਡੀ, ਜਗਦੀਪ ਸਿੰਘ ਸੰਧੂ, ਕੁਲਵੰਤ ਸੰਧਾਰ, ਸੁਖਜਿੰਦਰ ਸਿੰਘ, ਗੁਰਪ੍ਰੀਤ ਸਿੰਘ ਔਜਲਾ ਅਤੇ ਜਗਤਾਰ ਰੰਧਾਵਾ ਜੀ ਨੇ, ਦੋ ਦਿਨਾਂ ਦੇ ਇਸ ਸਮਾਗਮ ਲਈ 60 ਲੱਖ ਰੁਪਏ ਤੋਂ ਵੱਧ ਦੀ ਰਾਸ਼ੀ ਇਕੱਠੀ ਕਰਨ ਵਿੱਚ ਅਹਿਮ ਯੋਗਦਾਨ ਪਾਇਆ ਹੈ। ਜੇਕਰ ਤੁਸੀਂ ਉਸ ਸਮੇਂ ਬ੍ਰਿਸਬੇਨ ਵਿੱਚ ਹੋ, ਤਾਂ BPCC ਗਰਾਊਂਡ, ਕਾਰਨਰ ਡਿਊ ਸਟਰੀਟ ਅਤੇ ਨਾਥਨ ਰੋਡ, ਰਨਕੌਰਨ QLD DAAC ਵਿਖੇ ਜ਼ਰੂਰ ਆਓ। ਦੋਵੇਂ ਦਿਨ ਸਾਰਾ ਦਿਨ ਲੰਗਰ ਦਾ ਪ੍ਰਬੰਧ ਹੋਵੇਗਾ, ਨਾਲ ਹੀ ਹਰ ਉਮਰ ਦੇ ਲੋਕਾਂ ਲਈ ਕਈ ਸਟਾਲ ਅਤੇ ਗਤੀਵਿਧੀਆਂ ਵੀ ਹੋਣਗੀਆਂ। ਇਸ ਵਿੱਚ ਕਈ ਪੁਰਸ਼ ਟੀਮਾਂ ਹਿੱਸਾ ਲੈਣਗੀਆਂ, ਜਿਨ੍ਹਾਂ ਵਿੱਚ ANSSACC ਸਿੱਖ ਖੇਡਾਂ ਅਤੇ ਗ੍ਰਿਫਿਥ ਸ਼ਹੀਦੀ ਸਿੱਖ ਖੇਡਾਂ ਦੀਆਂ ਮੌਜੂਦਾ ਚੈਂਪੀਅਨ ਟੀਮਾਂ ਵੀ ਸ਼ਾਮਲ ਹਨ। ਕਈ ਬੱਚਿਆਂ ਦੀਆਂ ਟੀਮਾਂ ਵੀ ਹਿੱਸਾ ਲੈਣਗੀਆਂ, ਜਿਨ੍ਹਾਂ ਵਿੱਚੋਂ ਕੁਝ ਆਪਣੇ ਉਮਰ ਵਰਗ ਵਿੱਚ ਪੂਰੇ ਆਸਟ੍ਰੇਲੀਆ ਵਿੱਚੋਂ ਸਭ ਤੋਂ ਵਧੀਆ ਹਨ। ਸਾਰਿਆਂ ਦਾ ਆਉਣ ਲਈ ਹਾਰਦਿਕ ਸਵਾਗਤ ਹੈ ਅਤੇ BPCC ਕਮੇਟੀ ਹੱਥ ਜੋੜ ਕੇ ਸਭ ਨੂੰ ਨਿਮਰਤਾ ਸਹਿਤ ਆਉਣ ਦੀ ਬੇਨਤੀ ਕਰਦੀ ਹੈ।




### ਪੰਜਾਬ ਸਰਕਾਰੀ ਮੁਲਾਜ਼ਮਾਂ ਦੀ ਮਹਾਂ ਹੜਤਾਲ

# ਮੀਟਿੰਗ ’ਤੇ ਫਸਿਆ ਪੇਚ, ਮੁੱਖ ਮੰਤਰੀ ਮਾਨ ਦਾ ਸਖ਼ਤ ਰੁਖ

**ਚੰਡੀਗੜ੍ਹ, 27 ਅਗਸਤ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸੂਬਾ ਪੱਧਰੀ ਮਹਾਂ ਹੜਤਾਲ ਕੀਤੀ ਹੈ। ਇਸ ਹੜਤਾਲ ਵਿੱਚ ਕਰੀਬ 4 ਲੱਖ ਮੁਲਾਜ਼ਮਾਂ ਦੇ ਸ਼ਾਮਲ ਹੋਣ ਦੀ ਗੱਲ ਕਹੀ ਜਾ ਰਹੀ ਹੈ। ਹੜਤਾਲ ਕਾਰਨ ਸਰਕਾਰੀ ਦਫ਼ਤਰਾਂ, ਸੇਵਾ ਕੇਂਦਰਾਂ ਅਤੇ ਹਸਪਤਾਲਾਂ ਦੀਆਂ ਸੇਵਾਵਾਂ ਪ੍ਰਭਾਵਿਤ ਹੋਈਆਂ ਹਨ। ਮੁਲਾਜ਼ਮ ਆਗੂਆਂ ਨਾਲ ਮੁੱਖ ਮੰਤਰੀ ਭਗਵੰਤ ਮਾਨ ਦੀ ਮੀਟਿੰਗ 27 ਅਗਸਤ ਨੂੰ ਪੰਜਾਬ ਭਵਨ, ਚੰਡੀਗੜ੍ਹ ਵਿਖੇ ਤੈਅ ਕੀਤੀ ਗਈ ਸੀ। ਹਾਲਾਂਕਿ ਹੜਤਾਲ ਸ਼ੁਰੂ ਹੋਣ ਤੋਂ ਬਾਅਦ ਮੁੱਖ ਮੰਤਰੀ ਮਾਨ ਨੇ ਸਪੱਸ਼ਟ ਕਰ ਦਿੱਤਾ ਕਿ ਹੜਤਾਲ ਅਤੇ ਗੱਲਬਾਤ ਇਕੱਠੇ ਨਹੀਂ ਚੱਲ ਸਕਦੇ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਮੁਲਾਜ਼ਮਾਂ ਨਾਲ ਗੱਲਬਾਤ ਲਈ ਤਿਆਰ ਹੈ, ਪਰ ਇਸ ਤੋਂ ਪਹਿਲਾਂ ਹੜਤਾਲ ਵਾਪਸ ਲੈਣੀ ਪਵੇਗੀ। ਉਨ੍ਹਾਂ ਦੇ ਇਸ ਰੁਖ ਤੋਂ ਬਾਅਦ ਸਰਕਾਰ ਅਤੇ ਮੁਲਾਜ਼ਮ ਜਥੇਬੰਦੀਆਂ ਵਿਚਕਾਰ ਮੀਟਿੰਗ ਨੂੰ ਲੈ ਕੇ ਪੇਚ ਫਸ ਗਿਆ ਹੈ। ਮੁਲਾਜ਼ਮ ਜਥੇਬੰਦੀਆਂ ਦੀ ਸਭ ਤੋਂ ਵੱਡੀ ਮੰਗ ਬਕਾਇਆ 18 ਫ਼ੀਸਦੀ ਮਹਿੰਗਾਈ ਭੱਤਾ ਅਤੇ ਇਸ ਦੇ ਏਰੀਅਰ ਜਾਰੀ ਕਰਨਾ ਹੈ। ਇਸ ਤੋਂ ਇਲਾਵਾ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਕੱਚੇ ਅਤੇ ਕੰਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਵੱਖ-ਵੱਖ ਵਰਗਾਂ ਨੂੰ ਬਣਦੇ ਵਿੱਤੀ ਲਾਭ ਦੇਣ ਦੀ ਮੰਗ ਕੀਤੀ ਜਾ ਰਹੀ ਹੈ। ਆਂਗਣਵਾੜੀ ਵਰਕਰਾਂ, ਆਂਗਣਵਾੜੀ ਹੈਲਪਰਾਂ, ਮਿਡ-ਡੇ-ਮੀਲ ਵਰਕਰਾਂ ਅਤੇ ਹੋਰ ਕਰਮਚਾਰੀਆਂ ਨਾਲ ਸਬੰਧਤ ਮਸਲੇ ਵੀ ਮੁਲਾਜ਼ਮਾਂ ਦੀਆਂ ਮੰਗਾਂ ਵਿੱਚ ਸ਼ਾਮਲ ਹਨ। ਜਥੇਬੰਦੀਆਂ ਦਾ ਕਹਿਣਾ ਹੈ ਕਿ ਕਈ ਮੰਗਾਂ ਲੰਬੇ ਸਮੇਂ ਤੋਂ ਸਰਕਾਰ ਕੋਲ ਵਿਚਾਰ ਅਧੀਨ ਹਨ, ਪਰ ਉਨ੍ਹਾਂ ’ਤੇ ਅਜੇ ਤੱਕ ਕੋਈ ਠੋਸ ਫ਼ੈਸਲਾ ਨਹੀਂ ਲਿਆ ਗਿਆ। ਹੜਤਾਲ ਕਾਰਨ ਕਈ ਸਰਕਾਰੀ ਵਿਭਾਗਾਂ, ਦਫ਼ਤਰਾਂ ਅਤੇ ਸੇਵਾ ਕੇਂਦਰਾਂ ਦਾ ਰੁਟੀਨ ਕੰਮਕਾਜ ਪ੍ਰਭਾਵਿਤ ਹੋਇਆ ਹੈ। ਲੋਕਾਂ ਨੂੰ ਸਰਕਾਰੀ ਦਸਤਾਵੇਜ਼ਾਂ, ਸਰਟੀਫਿਕੇਟਾਂ ਅਤੇ ਹੋਰ ਸੇਵਾਵਾਂ ਲਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਸਰਕਾਰੀ ਹਸਪਤਾਲਾਂ ਵਿੱਚ ਓਪੀਡੀ ਅਤੇ ਆਮ ਓਪਰੇਸ਼ਨ ਸੇਵਾਵਾਂ ’ਤੇ ਵੀ ਅਸਰ ਪਿਆ ਹੈ। ਅੰਮ੍ਰਿਤਸਰ ਦੇ ਗੁਰੂ ਨਾਨਕ ਦੇਵ ਹਸਪਤਾਲ ਵਿੱਚ ਓਪੀਡੀ ਅਤੇ ਆਮ ਓਪਰੇਸ਼ਨ ਸੇਵਾਵਾਂ ਪ੍ਰਭਾਵਿਤ ਰਹੀਆਂ, ਜਦਕਿ ਐਮਰਜੈਂਸੀ ਸੇਵਾਵਾਂ ਜਾਰੀ ਰਹਿਣ ਦੀ ਜਾਣਕਾਰੀ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਸਪੱਸ਼ਟ ਕੀਤਾ ਹੈ ਕਿ ਸਰਕਾਰ ਹੜਤਾਲ ਦੇ ਦਬਾਅ ਹੇਠ ਗੱਲਬਾਤ ਨਹੀਂ ਕਰੇਗੀ। ਉਨ੍ਹਾਂ ਦਾ ਕਹਿਣਾ ਹੈ ਕਿ ਮੁਲਾਜ਼ਮ ਪਹਿਲਾਂ ਹੜਤਾਲ ਖ਼ਤਮ ਕਰਨ ਅਤੇ ਇਸ ਤੋਂ ਬਾਅਦ ਹੀ ਮੰਗਾਂ ’ਤੇ ਗੱਲਬਾਤ ਅੱਗੇ ਵਧਾਈ ਜਾਵੇਗੀ। ਸਰਕਾਰ ਦੇ ਇਸ ਰੁਖ ਨਾਲ ਮੁਲਾਜ਼ਮ ਜਥੇਬੰਦੀਆਂ ਵਿੱਚ ਨਾਰਾਜ਼ਗੀ ਹੋਰ ਵਧ ਸਕਦੀ ਹੈ। ਦੂਜੇ ਪਾਸੇ, ਜੇਕਰ ਮੁਲਾਜ਼ਮ ਹੜਤਾਲ ਜਾਰੀ ਰੱਖਦੇ ਹਨ ਤਾਂ ਸਰਕਾਰੀ ਸੇਵਾਵਾਂ ’ਤੇ ਇਸ ਦਾ ਅਸਰ ਹੋਰ ਵਧਣ ਦੀ ਸੰਭਾਵਨਾ ਹੈ। ਹੁਣ ਸਭ ਦੀ ਨਜ਼ਰ ਮੁਲਾਜ਼ਮ ਜਥੇਬੰਦੀਆਂ ਦੇ ਅਗਲੇ ਫ਼ੈਸਲੇ ’ਤੇ ਟਿਕੀ ਹੋਈ ਹੈ। ਮੁੱਖ ਸਵਾਲ ਇਹ ਹੈ ਕਿ ਕੀ ਜਥੇਬੰਦੀਆਂ ਸਰਕਾਰ ਦੀ ਸ਼ਰਤ ਮੰਨ ਕੇ ਹੜਤਾਲ ਵਾਪਸ ਲੈਣਗੀਆਂ ਜਾਂ ਆਪਣਾ ਸੰਘਰਸ਼ ਜਾਰੀ ਰੱਖਣਗੀਆਂ। ਫਿਲਹਾਲ ਸਰਕਾਰ ਅਤੇ ਮੁਲਾਜ਼ਮਾਂ ਵਿਚਕਾਰ ਟਕਰਾਅ ਦੀ ਸਥਿਤੀ ਬਣੀ ਹੋਈ ਹੈ। ਮੁਲਾਜ਼ਮ ਆਪਣੀਆਂ ਮੰਗਾਂ ’ਤੇ ਅੜੇ ਹੋਏ ਹਨ, ਜਦਕਿ ਮੁੱਖ ਮੰਤਰੀ ਮਾਨ ਨੇ ਵੀ ਸਖ਼ਤ ਰੁਖ ਅਪਣਾਉਂਦਿਆਂ ਪਹਿਲਾਂ ਹੜਤਾਲ ਖ਼ਤਮ ਕਰਨ ਦੀ ਸ਼ਰਤ ਰੱਖ ਦਿੱਤੀ ਹੈ।



# ’ਖਾਲਸਾ ਕਾਲਜ ਮਹਿਤਾ’ ਵਿਖੇ ‘ਸਾਚਾ ਗੁਰੂ ਲਾਧੋ ਰੇ’ ਦਿਵਸ ਮਨਾਇਆ



**ਚੌਕ ਮਹਿਤਾ, 27 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ’ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ’ ਮਹਿਤਾ ਚੌਂਕ ਦੇ ਬੀ.ਏ, ਬੀ.ਕਾਮ, ਬੀ.ਸੀ.ਏ ਅਤੇ ਐਮ.ਏ ਦੇ ਵਿਦਿਆਰਥੀਆਂ ਵੱਲੋਂ ’ਸਾਚਾ ਗੁਰੂ ਲਾਧੋ ਰੇ’ ਦਿਵਸ ਮਨਾਇਆ। ਇਸ ਮੌਕੇ ਕਾਲਜ ਦੇ ਹੋਣਹਾਰ ਵਿਦਿਆਰਥੀਆਂ ਵੱਲੋਂ ਲਗਨਦੀਪ ਸਿੰਘ ਨੇ ਸ਼ਬਦ, ਮਹਿਕਦੀਪ ਕੌਰ ਨੇ ਕਵੀਸ਼ਰੀ, ਮਨਜੋਤ ਕੌਰ, ਗੁਰਲੀਨ ਕੌਰ ਨੇ ਭਾਸ਼ਣ, ਪਵਨਪ੍ਰੀਤ ਕੌਰ ਅਤੇ ਅਰਸ਼ਦੀਪ ਕੌਰ ਨੇ ਕਵਿਤਾਵਾਂ ਰਾਹੀਂ ਬਾਬਾ ਬਕਾਲਾ ਸਾਹਿਬ ਦੀ ਇਤਿਹਾਸਿਕ ਮਹਾਨਤਾ ਨੂੰ ਦਰਸਾਉਂਦਿਆਂ ਹੋਇਆਂ ਕਿਹਾ ਕਿ ਕਿਵੇਂ ਭਾਈ ਮੱਖਣ ਸ਼ਾਹ ਲੁਬਾਣਾ ਜੀ ਨੇ ਝੂਠੇ, ਫਰੇਬੀ ਅਤੇ ਆਪੇ ਬਣੇ ਗੁਰੂਆਂ ਵਿੱਚੋਂ ਸੱਚੇ ਗੁਰੂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਲੱਭਿਆ ਅਤੇ ’ਸਾਚਾ ਗੁਰੂ ਲਾਧੋ ਰੇ’ ਦਾ ਹੋਕਾ ਦਿੱਤਾ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਕਿਹਾ ਕਿ ਹਰ ਸਾਲ ’ਸਾਚਾ ਗੁਰੂ ਲਾਧੋ ਰੇ’ ਦਿਵਸ ਬਾਬਾ ਬਕਾਲਾ ਸਾਹਿਬ ਵਿਖੇ ਬੜੀ ਧੂਮ ਧਾਮ ਤੇ ਸ਼ਰਧਾ ਨਾਲ ਮਨਾਇਆ ਜਾਂਦਾ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਇਸ ਪਾਵਨ ਪ੍ਰਗਟ ਦਿਵਸ ’ਤੇ ਭਾਈ ਮੱਖਣ ਸ਼ਾਹ ਲੁਬਾਣਾ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਅਤੇ ਨਾਲ ਹੀ ਉਹਨਾਂ ਨੇ ਸਭ ਨੂੰ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੰਨਣ ਅਤੇ ਪੂਰਨ ਭਰੋਸਾ ਰੱਖਣ ਤੇ ਸਿੱਖੀ ਕੇਸਾਂ ਸੁਆਸਾਂ ਨਾਲ ਜ਼ਿੰਦਗੀ ਜਿਉਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਸਮੂਹ ਅਧਿਆਪਕ ਸਾਹਿਬਾਨਾਂ ਨੇ ’ਸਾਚਾ ਗੁਰੂ ਲਾਧੋ ਦਿਵਸ’ ਦੀ ਮੁਬਾਰਕਬਾਦ ਦਿੱਤੀ।

## ਖੇਡਾਂ ਵਤਨ ਪੰਜਾਬ ਦੀਆਂ-2026 ਦੇ ਤਹਿਤ 28 ਅਗਸਤ ਨੂੰ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਪਹੁੰਚੇਗੀ ਮਸ਼ਾਲ ਰਿਲੇਅ ਯਾਤਰਾ ਜ਼ਿਲ੍ਹਾ ਅੰਮ੍ਰਿਤਸਰ ਚ 8 ਸਤੰਬਰ ਤੋਂ ਸ਼ੁਰੂ ਹੋਣਗੇ ਬਲਾਕ ਪੱਧਰੀ ਮੁਕਾਬਲੇ



ਜੰਡਿਆਲਾ ਗੁਰੂ , 27 ਅਗਸਤ (ਕੁਲਵੰਤ ਸਿੰਘ ਵਿਰਦੀ) - ਪੰਜਾਬ ਸਰਕਾਰ ਅਤੇ ਖੇਡ ਵਿਭਾਗ ਪੰਜਾਬ ਵੱਲੋਂ ‘ਖੇਡਾਂ ਵਤਨ ਪੰਜਾਬ ਦੀਆਂ-2026’ ਤਹਿਤ ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰ ’ਤੇ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ। ਇਨ੍ਹਾਂ ਖੇਡਾਂ ਦੀ ਸ਼ੁਰੂਆਤ ਤੋਂ ਪਹਿਲਾਂ ਸੂਬਾ ਸਰਕਾਰ ਵੱਲੋਂ ਖੇਡਾਂ ਪ੍ਰਤੀ ਜਾਗਰੂਕਤਾ ਅਤੇ ਉਤਸ਼ਾਹ ਪੈਦਾ ਕਰਨ ਲਈ ਮਸ਼ਾਲ ਰਿਲੇਅ ਯਾਤਰਾ ਕੱਢੀ ਜਾ ਰਹੀ ਹੈ ।ਖੇਡਾਂ ਵਤਨ ਪੰਜਾਬ ਦੀਆਂ-2026 ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀਮਤੀ ਪੱਲਵੀ ਮਿਸ਼ਰਾ ਨੇ ਦੱਸਿਆ ਕਿ 12 ਅਗਸਤ 2026 ਨੂੰ ਜ਼ਿਲ੍ਹਾ ਸੰਗਰੂਰ ਤੋਂ ਸ਼ੁਰੂ ਹੋਈ ਮਸ਼ਾਲ ਰਿਲੇਅ ਯਾਤਰਾ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਹੁੰਦੀ ਹੋਈ 28 ਅਗਸਤ ਨੂੰ ਜ਼ਿਲ੍ਹਾ ਗੁਰਦਾਸਪੁਰ ਰਾਹੀਂ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪਹੁੰਚੇਗੀ। ਇਸ ਤੋਂ ਬਾਅਦ 29 ਅਗਸਤ ਨੂੰ ਮਸ਼ਾਲ ਰਿਲੇਅ ਯਾਤਰਾ ਜ਼ਿਲ੍ਹਾ ਤਰਨਤਾਰਨ ਰਾਹੀਂ ਆਪਣੇ ਅਗਲੇ ਪੜਾਅ ਲਈ ਰਵਾਨਾ ਹੋਵੇਗੀ ।ਉਨ੍ਹਾਂ ਦੱਸਿਆ ਕਿ ਮਸ਼ਾਲ ਰਿਲੇਅ ਯਾਤਰਾ 28 ਅਗਸਤ 2026 ਨੂੰ ਸਵੇਰੇ 10:00 ਵਜੇ ਪਿੰਡ ਜੈਂਤੀਪੁਰ ਰਾਹੀਂ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਦਾਖਲ ਹੋਵੇਗੀ। ਇੱਥੋਂ ਇਹ ਯਾਤਰਾ ਵੇਰਕਾ ਬਾਈਪਾਸ ਚੌਕ ਤੋਂ ਬਟਾਲਾ ਰੋਡ, ਸੰਤ ਸਿੰਘ ਸੁੱਖਾ ਸਿੰਘ ਚੌਕ ਅਤੇ ਨਾਵਲਟੀ ਚੌਕ ਹੁੰਦੀ ਹੋਈ ਜ਼ਿਲ੍ਹਾ ਖੇਡ ਅਫ਼ਸਰ ਦੇ ਦਫ਼ਤਰ, ਗੁਰੂ ਨਾਨਕ ਸਟੇਡੀਅਮ, ਅੰਮ੍ਰਿਤਸਰ ਵਿਖੇ ਪਹੁੰਚੇਗੀ। ਉਨ੍ਹਾਂ ਕਿਹਾ ਕਿ ਮਸ਼ਾਲ ਯਾਤਰਾ ਦਾ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ ’ਤੇ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 29 ਅਗਸਤ 2026 ਨੂੰ ਸਵੇਰੇ 9:00 ਵਜੇ ਗੁਰੂ ਨਾਨਕ ਸਟੇਡੀਅਮ, ਅੰਮ੍ਰਿਤਸਰ ਤੋਂ ਮਸ਼ਾਲ ਰਿਲੇਅ ਯਾਤਰਾ ਏਲੀਵੇਟਿਡ ਰੋਡ ਰਾਹੀਂ ਤਾਰਾਂ ਵਾਲਾ ਪੁਲ ਤੋਂ ਹੁੰਦੀ ਹੋਈ ਪਿੰਡ ਚੱਬਾ ਵਿਖੇ ਪਹੁੰਚੇਗੀ, ਜਿੱਥੇ ਇਹ ਮਸ਼ਾਲ ਜ਼ਿਲ੍ਹਾ ਖੇਡ ਅਫ਼ਸਰ, ਤਰਨਤਾਰਨ ਨੂੰ ਸੌਂਪੀ ਜਾਵੇਗੀ ।ਉਨ੍ਹਾਂ ਦੱਸਿਆ ਕਿ ‘ਖੇਡਾਂ ਵਤਨ ਪੰਜਾਬ ਦੀਆਂ-2026’ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਬਲਾਕ ਪੱਧਰੀ ਖੇਡਾਂ 8 ਸਤੰਬਰ ਤੋਂ 17 ਸਤੰਬਰ 2026 ਤੱਕ ਕਰਵਾਈਆਂ ਜਾਣਗੀਆਂ। ਇਹ ਮੁਕਾਬਲੇ ਦੋ ਪੜਾਵਾਂ ਵਿੱਚ ਕਰਵਾਏ ਜਾਣਗੇ। ਬਲਾਕ ਪੱਧਰੀ ਖੇਡਾਂ ਵਿੱਚ ਐਥਲੈਟਿਕਸ, ਫੁੱਟਬਾਲ, ਕਬੱਡੀ (ਨੈਸ਼ਨਲ ਸਟਾਈਲ ਅਤੇ ਸਰਕਲ ਸਟਾਈਲ), ਵਾਲੀਬਾਲ (ਸਮੈਸ਼ਿੰਗ ਅਤੇ ਸ਼ੂਟਿੰਗ) ਅਤੇ ਖੋ-ਖੋ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਤੋਂ ਇਲਾਵਾ ਇਸ ਵਾਰ ਟੈਨਿਸ ਬਾਲ ਕ੍ਰਿਕਟ ਨੂੰ ਡੈਮੋਸਟ੍ਰੇਸ਼ਨ ਖੇਡ ਵਜੋਂ ਸ਼ਾਮਲ ਕੀਤਾ ਗਿਆ ਹੈ ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਦੇ ਚਾਹਵਾਨ ਖਿਡਾਰੀ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਤਹਿਤ 8 ਤੋਂ 11 ਸਤੰਬਰ 2026 ਤੱਕ ਬਲਾਕ ਚੌਗਾਵਾਂ ਦੀਆਂ ਖੇਡਾਂ ਪ੍ਰੀਤਮ ਸਪੋਰਟਸ ਸਟੇਡੀਅਮ ਕੋਹਾਲੀ, ਬਲਾਕ ਤਰਸਿੱਕਾ ਦੀਆਂ ਖੇਡਾਂ ਸ.ਸ.ਸ. ਸਕੂਲ ਤਰਸਿੱਕਾ, ਬਲਾਕ ਅਟਾਰੀ ਦੀਆਂ ਖੇਡਾਂ ਓਲੰਪੀਅਨ ਸ਼ਮਸ਼ੇਰ ਸਿੰਘ ਸੀਨੀਅਰ ਸੈਕੰਡਰੀ ਸਕੂਲ ਅਟਾਰੀ, ਬਲਾਕ ਵੇਰਕਾ ਦੀਆਂ ਖੇਡਾਂ ਮੈਰੀਟੋਰੀਅਸ ਸਕੂਲ ਅਤੇ ਬਲਾਕ ਅਜਨਾਲਾ ਦੀਆਂ ਖੇਡਾਂ ਸਰਕਾਰੀ ਕਾਲਜ ਅਜਨਾਲਾ ਵਿਖੇ ਕਰਵਾਈਆਂ ਜਾਣਗੀਆਂ ਉਨ੍ਹਾਂ ਅੱਗੇ ਦੱਸਿਆ ਕਿ ਦੂਜੇ ਪੜਾਅ ਤਹਿਤ 14 ਤੋਂ 17 ਸਤੰਬਰ 2026 ਤੱਕ ਪੰਜ ਬਲਾਕਾਂ ਵਿੱਚ ਖੇਡ ਮੁਕਾਬਲੇ ਕਰਵਾਏ ਜਾਣਗੇ ।ਬਲਾਕ ਮਿਉਂਸਪਲ ਕਾਰਪੋਰੇਸ਼ਨ ਦੀਆਂ ਖੇਡਾਂ ਖਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ, ਅੰਮ੍ਰਿਤਸਰ; ਬਲਾਕ ਰਈਆ ਦੀਆਂ ਖੇਡਾਂ ਸ.ਸ.ਸ. ਸਕੂਲ ਖਲਚੀਆਂ ਅਤੇ ਖੇਡ ਸਟੇਡੀਅਮ ਖਲਚੀਆਂ; ਬਲਾਕ ਮਜੀਠਾ ਦੀਆਂ ਖੇਡਾਂ ਸ੍ਰੀ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਜੀਠਾ ਅਤੇ ਕੋਟਲਾ ਸੁਲਤਾਨ ਸਿੰਘ; ਬਲਾਕ ਜੰਡਿਆਲਾ ਗੁਰੂ ਦੀਆਂ ਖੇਡਾਂ ਸ਼ਹੀਦ ਜਸਬੀਰ ਸਿੰਘ ਸ.ਸ. ਸਕੂਲ ਬੰਡਾਲਾ ਅਤੇ ਬਲਾਕ ਹਰਸ਼ਾ ਛੀਨਾ ਦੀਆਂ ਖੇਡਾਂ ਖੇਡ ਸਟੇਡੀਅਮ ਜਗਦੇਵ ਕਲਾਂ ਵਿਖੇ ਕਰਵਾਈਆਂ ਜਾਣਗੀਆਂ ।ਸ੍ਰੀਮਤੀ ਪੱਲਵੀ ਮਿਸ਼ਰਾ ਨੇ ਜ਼ਿਲ੍ਹੇ ਦੇ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ‘ਖੇਡਾਂ ਵਤਨ ਪੰਜਾਬ ਦੀਆਂ-2026’ ਵਿੱਚ ਭਾਗ ਲੈਣ ਅਤੇ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਸਮੇਂ ਸਿਰ ਕਰਵਾਉਣ। ਉਨ੍ਹਾਂ ਕਿਹਾ ਕਿ ਖੇਡਾਂ ਸਬੰਧੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਖੇਡ ਅਫ਼ਸਰ ਦੇ ਦਫ਼ਤਰ, ਗੁਰੂ ਨਾਨਕ ਸਟੇਡੀਅਮ, ਅੰਮ੍ਰਿਤਸਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

## ਨਸ਼ਾ ਮੁਕਤ ਅਭਿਆਨ ਦਾ ਹਿੱਸਾ ਬਣਦੇ ਹੋਏ ਸੇਂਟ ਸੋਲਜਰ ਸਕੂਲ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਕੱਢੀ ਗਈ




**ਜੰਡਿਆਲਾ ਗੁਰੂ 27 ਅਗਸਤ ( ਕੁਲਵੰਤ ਸਿੰਘ ਵਿਰਦੀ )**-ਨਸ਼ਾ ਮੁਕਤ ਵਿਦਿਆਲਿਆ ਅਭਿਆਨ ਦਾ ਹਿੱਸਾ ਬਣਦੇ ਹੋਏ ਅੱਜ ਸੇਂਟ ਸੋਲਜਰ ਇਲੀਟ ਕਾਨਵੇਂਟ ਸਕੂਲ ਜੰਡਿਆਲਾ ਗੁਰੂ ਵਿਖੇ ਨਸ਼ਾ ਮੁਕਤ ਜਾਗਰੂਕਤਾ ਰੈਲੀ ਕੱਢੀ ਗਈ। ਇਸ ਰੈਲੀ ਵਿੱਚ ਨੌਵੀਂ ਅਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਵਿਦਿਆਰਥੀਆਂ ਨੇ ਨਸ਼ੇ ਦੇ ਮਾਰੂ ਪ੍ਰਭਾਵਾਂ ਨੂੰ ਦਰਸਾਉਂਦੇ ਅਤੇ ਇੱਕ ਨਰੋਈ ਚੰਗੀ ਸਿਹਤ ਭਰੀ ਜਿੰਦਗੀ ਜਿਉਣ ਦੇ ਪ੍ਰਭਾਵਸ਼ਾਲੀ ਸਲੋਗਨ ਰਾਹੀਂ ਆਪਣੇ ਵਿਚਾਰ ਪ੍ਰਗਟ ਕੀਤੇ। ਅਤੇ ਨਸ਼ਾ ਮੁਕਤ ਸਮਾਜ ਦਾ ਸੰਦੇਸ਼ ਫੈਲਾਉਂਦੇ ਹੋਏ ਇਸ ਰੈਲੀ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਤੇ ਸ.ਹਰਮਨਜੀਤ ਸਿੰਘ ਸਹਾਇਕ ਪ੍ਰੋਫੈਸਰ ਸਰੀਰਕ ਸਿੱਖਿਆ (ਸਰੂਪ ਰਾਣੀ ਮਹਿਲਾ ਕਾਲਜ ਅੰਮ੍ਰਿਤਸਰ) ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਨਸ਼ੇ ਦੇ ਮਾਰੂ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਇੱਕ ਸਿਹਤ ਮੰਦ ਅਤੇ ਅਨੁਸ਼ਾਸਿਤ ਜੀਵਨ ਸ਼ੈਲੀ ਦੇ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਵੀ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੇ ਨਸ਼ੇ ਤੋਂ ਦੂਰ ਰਹਿਣ ਲਈ ਕਿਹਾ। ਉਹਨਾਂ ਕਿਹਾ ਕਿ ਹੋਰ ਨਸ਼ਿਆਂ ਦੇ ਨਾਲ ਨਾਲ ਅੱਜ ਮੋਬਾਈਲ ਵੀ ਵਿਦਿਆਰਥੀਆਂ ਦੇ ਜੀਵਨ ਦੇ ਵਿੱਚ ਇੱਕ ਨਸ਼ੇ ਦੀ ਤਰ੍ਹਾਂ ਲੱਗ ਚੁੱਕਾ ਹੈ ਉਹਨਾਂ ਨੇ ਵਿਦਿਆਰਥੀਆਂ ਨੂੰ ਇਸ ਨਸ਼ੇ ਤੋਂ ਵੀ ਦੂਰ ਰਹਿ ਕੇ ਆਪਣੇ ਭਵਿੱਖ ਨੂੰ ਉਜਵਲ ਕਰਨ ਦੀ ਪ੍ਰੇਰਨਾ ਦਿੱਤੀ। ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਡਾ. ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਜ਼ਿੰਦਗੀ ਬਹੁਤ ਅਨਮੋਲ ਹੈ। ਇਸ ਨੂੰ ਨਸ਼ਿਆਂ ਵਿੱਚ ਗਲਤਾਨ ਕਰਕੇ ਖਰਾਬ ਨਾ ਕਰੋ। ਨਸ਼ਿਆਂ ਨੂੰ ਕਹੋ ਨਾ ਅਤੇ ਜ਼ਿੰਦਗੀ ਨੂੰ ਕਹੋ ਹਾਂ। ਸਕੂਲ ਮੈਨੇਜਮੈਂਟ ਵੱਲੋਂ ਆਏ ਹੋਏ ਮਹਿਮਾਨ ਨੂੰ ਯਾਦਗਾਰੀ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ, ਸਮੂਹ ਸਟਾਫ ਅਤੇ ਬਚੇ ਹਾਜਰ ਸਨ।

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਪ੍ਰਚਾਰਕ ਸਿਖਿਆ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛੱਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਸ਼ਹੀਦ ਭਾਈ ਨਿੱਝਰ ਮਾਮਲੇ ਦੀ ਪ੍ਰੀ-ਟਰਾਇਲ ਕਾਰਵਾਈ 8 ਤੋਂ 29 ਸਤੰਬਰ ਤੱਕ; ਸਿੱਖਾਂ ਨੂੰ ਇਨਸਾਫ਼ ਨਾ ਮਿਲਣ 'ਤੇ

# ਕੈਨੇਡੀਅਨ ਸਿੱਖਾਂ ਵਲੋਂ ਭਾਰਤ ਸਰਕਾਰ 'ਤੇ ਤਿੱਖੇ ਸਵਾਲ



ਨਵੀਂ ਦਿੱਲੀ 27 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਜਥੇਦਾਰ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਕਤਲ ਮਾਮਲੇ ਦੀ ਸੁਪਰੀਮ ਕੋਰਟ ਆਫ਼ ਨਿਊ ਵੈਸਟਮਿੰਸਟਰ ਵਿੱਚ ਅਗਲੀ ਕਾਰਵਾਈ 8 ਸਤੰਬਰ ਤੋਂ 29 ਸਤੰਬਰ ਤੱਕ ਹੋਵੇਗੀ। ਇਸ ਦੌਰਾਨ ਕੇਸ ਦੀ ਪ੍ਰੀ-ਟਰਾਇਲ ਕਾਰਵਾਈ ਹੋਣੀ ਹੈ, ਜਿਸ ਵਿੱਚ ਮੁੱਖ ਟਰਾਇਲ ਤੋਂ ਪਹਿਲਾਂ ਕਾਨੂੰਨੀ ਮੁੱਦਿਆਂ, ਸਬੂਤਾਂ ਅਤੇ ਕੇਸ ਦੀ ਤਿਆਰੀ ਨਾਲ ਸਬੰਧਤ ਮਾਮਲਿਆਂ 'ਤੇ ਵਿਚਾਰ ਕੀਤਾ ਜਾਵੇਗਾ। ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਡੇਲਟਾ ਦੇ ਪ੍ਰਧਾਨ ਭਾਈ ਗੁਰਮੀਤ ਸਿੰਘ ਗਿੱਲ, ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਮੀਡੀਆ ਰਿਕਾਰਡਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਅਜੇ ਤੱਕ ਅਦਾਲਤ ਵਿੱਚ ਮੁੱਖ ਗਵਾਹਾਂ ਦੀ ਸਿੱਧੀ ਗਵਾਹੀ ਜਾਂ ਜਿਰਹ ਦੀ ਕਾਰਵਾਈ ਸ਼ੁਰੂ ਨਹੀਂ ਹੋਈ। ਇਸ ਵੇਲੇ ਪੁਲਿਸ ਵੱਲੋਂ ਕੀਤੀ ਗਈ ਜਾਂਚ, ਇਕੱਠੀ ਕੀਤੀ ਜਾਣਕਾਰੀ ਅਤੇ ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਨਾਲ ਸਬੰਧਤ ਪੁੱਛਗਿੱਛ ਤੇ ਦਰਜ ਬਿਆਨਾਂ ਨਾਲ ਜੁੜੇ ਸਰਕਾਰੀ ਅਧਿਕਾਰੀ ਜੱਜ ਦੇ ਸਾਹਮਣੇ ਪੇਸ਼ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ ਐਡਮਿੰਟਨ ਵਿੱਚ ਰੈਫਰੰਡਮ ਦੇ ਅਗਲੇ ਪੜਾਅ ਦੀ ਵੋਟਿੰਗ 18 ਅਕਤੂਬਰ ਨੂੰ ਹੋਣੀ ਹੈ, ਜਿਸ ਲਈ ਕੈਨੇਡੀਅਨ ਸਿੱਖਾਂ ਵੱਲੋਂ ਵੱਡੇ ਪੱਧਰ 'ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੋਸ਼ ਲਾਇਆ ਕਿ ਇਸ ਸਰਗਰਮੀ ਨੂੰ ਦੇਖਦਿਆਂ ਭਾਰਤ ਸਰਕਾਰ ਵੱਲੋਂ ਸਿੱਖਾਂ ਵਿੱਚ ਆਪਸੀ ਖਾਨਾਜੰਗੀ ਅਤੇ ਫੁੱਟ ਪੈਦਾ ਕਰਨ ਲਈ ਗੋਲਡੀ ਬਰਾੜ ਵਰਗੇ ਦਾਗੀ ਵਿਅਕਤੀਆਂ ਨੂੰ ਕਥਿਤ ਤੌਰ 'ਤੇ ਵਰਤਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਦੀ ਸਖ਼ਤ ਨਿਖੇਧੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰਾ ਅਜਿਹੀਆਂ ਕਥਿਤ ਚਾਲਾਂ ਨੂੰ ਸਮਝਦਾ ਹੈ ਅਤੇ ਸੂਝਵਾਨ ਤੇ ਪੰਥਦਰਦੀ ਸਿੱਖ ਕਿਸੇ ਵੀ ਤਰ੍ਹਾਂ ਦੀ ਆਪਸੀ ਲੜਾਈ ਜਾਂ ਵੰਡ ਨੂੰ ਸਿਰੇ ਨਹੀਂ ਚੜ੍ਹਨ ਦੇਣਗੇ। ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਭਾਰਤ ਵਿੱਚ ਲੰਬੇ ਸਮੇਂ ਤੋਂ ਬੰਦ ਸਿੱਖਾਂ ਦੀ ਰਿਹਾਈ ਨਾ ਕੀਤੇ ਜਾਣ, ਬਲਾਤਕਾਰੀ ਅਤੇ ਹੋਰ ਗੰਭੀਰ ਦੋਸ਼ਾਂ ਦੇ ਕੈਦੀਆਂ ਨੂੰ ਵਾਰ ਵਾਰ ਪੈਰੋਲਾ ਦੇਣੀਆਂ ਅਤੇ ਇਸ ਦੇ ਉਲਟ ਨਵੇਂ ਸਿੱਖ ਨੌਜਵਾਨਾਂ ਨੂੰ ਵੱਖ-ਵੱਖ ਮਾਮਲਿਆਂ ਵਿੱਚ ਗ੍ਰਿਫ਼ਤਾਰ ਕਰਕੇ ਜੇਲ੍ਹਾਂ ਵਿੱਚ ਬੰਦ ਕਰਨ ਦੇ ਰੁਝਾਨ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਜੇ ਸਰਕਾਰ ਦਾ ਦਾਅਵਾ ਹੈ ਕਿ ਦੇਸ਼ ਵਿੱਚ ਕਾਨੂੰਨ ਸਭ ਲਈ ਬਰਾਬਰ ਹੈ ਤਾਂ ਫਿਰ ਬੰਦੀ ਸਿੰਘਾਂ ਦੇ ਮਾਮਲਿਆਂ ਦਾ ਨਿਆਂਸੰਗਤ ਹੱਲ ਕਿਉਂ ਨਹੀਂ ਕੀਤਾ ਜਾ ਰਿਹਾ ਅਤੇ ਨਵੇਂ ਮਾਮਲਿਆਂ ਵਿੱਚ ਗ੍ਰਿਫ਼ਤਾਰੀਆਂ ਦਾ ਸਿਲਸਿਲਾ ਕਿਉਂ ਜਾਰੀ ਹੈ? ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਗਿਣਤੀ ਘਟਾਉਣ ਦੀ ਥਾਂ ਨਵੇਂ ਸਿੰਘਾਂ ਨੂੰ ਬੰਦ ਕਰਕੇ ਇਹ ਗਿਣਤੀ ਵਧਾਉਣਾ ਸਿੱਖ ਭਾਈਚਾਰੇ ਨਾਲ ਇਨਸਾਫ਼ ਨਹੀਂ, ਸਗੋਂ ਗੰਭੀਰ ਵਿਤਕਰੇ ਦਾ ਪ੍ਰਤੀਕ ਹੈ। ਉਨ੍ਹਾਂ ਅਨੁਸਾਰ ਜਦੋਂ ਸਿੱਖਾਂ ਨੂੰ ਆਪਣੇ ਹੱਕਾਂ, ਧਾਰਮਿਕ ਆਜ਼ਾਦੀ, ਇਨਸਾਫ਼ ਅਤੇ ਬਰਾਬਰੀ ਸਬੰਧੀ ਸਵਾਲ ਉਠਾਉਣ 'ਤੇ ਦਬਾਅ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਇਸ ਨਾਲ ਸਰਕਾਰ ਪ੍ਰਤੀ ਭਰੋਸਾ ਹੋਰ ਕਮਜ਼ੋਰ ਹੁੰਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਸਿੱਖਾਂ ਨਾਲ ਤੀਜੇ ਦਰਜੇ ਦੇ ਸ਼ਹਿਰੀਆਂ ਵਾਂਗ ਵਿਹਾਰ ਕੀਤੇ ਜਾਣ ਦੀ ਭਾਵਨਾ, ਲੰਬੇ ਸਮੇਂ ਤੋਂ ਚੱਲ ਰਹੇ ਕੈਦ ਮਾਮਲੇ ਅਤੇ ਨਵੇਂ ਸਿੱਖਾਂ ਖ਼ਿਲਾਫ਼ ਕੀਤੀਆਂ ਜਾ ਰਹੀਆਂ ਕਾਰਵਾਈਆਂ ਵਰਗੇ ਮੁੱਦਿਆਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਇੱਕ ਹਿੱਸੇ ਵੱਲੋਂ ਖਾਲਿਸਤਾਨ ਦੀ ਮੰਗ ਦੇ ਪਿੱਛੇ ਮੌਜੂਦ ਕਾਰਨਾਂ ਨੂੰ ਸਮਝਣ ਲਈ ਪਹਿਲਾਂ ਉਨ੍ਹਾਂ ਦੀਆਂ ਬਰਾਬਰੀ, ਇਨਸਾਫ਼ ਅਤੇ ਸਿਆਸੀ ਹੱਕਾਂ ਸਬੰਧੀ ਸ਼ਿਕਾਇਤਾਂ ਨੂੰ ਸੁਣਨਾ ਪਵੇਗਾ। ਉਨ੍ਹਾਂ ਕਿਹਾ ਕਿ ਕਿਸੇ ਵੀ ਲੋਕਤੰਤਰੀ ਸਰਕਾਰ ਦੀ ਤਾਕਤ ਲੋਕਾਂ ਦੀ ਆਵਾਜ਼ ਦਬਾਉਣ ਵਿੱਚ ਨਹੀਂ, ਸਗੋਂ ਉਨ੍ਹਾਂ ਦੇ ਸਵਾਲਾਂ ਦਾ ਇਨਸਾਫ਼ ਨਾਲ ਜਵਾਬ ਦੇਣ ਵਿੱਚ ਹੁੰਦੀ ਹੈ। ਇਸ ਮੌਕੇ ਟੀਮ ਸ਼ਹੀਦ ਨਿੱਝਰ ਵੱਲੋਂ ਭਾਈ ਮਨਜਿੰਦਰ ਸਿੰਘ ਖਾਲਸਾ, ਗਗਨਦੀਪ ਸਿੰਘ, ਰਜਿੰਦਰ ਸਿੰਘ, ਭਾਈ ਜੋਗਾ ਸਿੰਘ ਅਤੇ ਜਸਵੀਰ ਸਿੰਘ ਬਰਾੜ ਸਮੇਤ ਹੋਰ ਸਿੱਖ ਸੰਗਤ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ

# ਰੱਖੜੀ ਮੇਕਿੰਗ ਮੁਕਾਬਲਾ ਕਰਵਾਇਆ ਗਿਆ




**ਚੌਕ ਮਹਿਤਾ, 27 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਰੱਖੜੀ ਦੇ ਤਿਉਹਾਰ ਨੂੰ ਸਮਰਪਿਤ ਵਿਸ਼ੇਸ਼ ਰੱਖੜੀ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੇ ਹੱਥਾਂ ਨਾਲ ਸੁੰਦਰ ਅਤੇ ਆਕਰਸ਼ਕ ਰੱਖੜੀਆਂ ਤਿਆਰ ਕੀਤੀਆਂ। ਵਿਦਿਆਰਥੀਆਂ ਵੱਲੋਂ ਰੰਗ-ਬਿਰੰਗੇ ਧਾਗਿਆਂ, ਮੋਤੀਆਂ, ਸਜਾਵਟੀ ਸਮੱਗਰੀ ਅਤੇ ਹੋਰ ਰਚਨਾਤਮਕ ਵਸਤੂਆਂ ਦੀ ਵਰਤੋਂ ਕਰਕੇ ਵੱਖ-ਵੱਖ ਤਰ੍ਹਾਂ ਦੀਆਂ ਰੱਖੜੀਆਂ ਬਣਾਈਆਂ ਗਈਆਂ। ਇਸ ਮੁਕਾਬਲੇ ਰਾਹੀਂ ਵਿਦਿਆਰਥੀਆਂ ਦੀ ਕਲਾਤਮਕ ਪ੍ਰਤਿਭਾ ਅਤੇ ਸਿਰਜਣਾਤਮਕ ਸੋਚ ਨੂੰ ਉਤਸ਼ਾਹਿਤ ਕੀਤਾ ਗਿਆ। ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਅਤੇ ਲਗਨ ਨਾਲ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੀਆਂ ਤਿਆਰ ਕੀਤੀਆਂ ਰੱਖੜੀਆਂ ਦਾ ਨਿਰੀਖਣ ਕਰਕੇ ਉਨ੍ਹਾਂ ਦੀ ਰਚਨਾਤਮਕਤਾ, ਸੁੰਦਰਤਾ ਅਤੇ ਵਿਲੱਖਣਤਾ ਨੂੰ ਉਤਸ਼ਾਹਿਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਅੰਦਰ ਛੁਪੀ ਕਲਾਤਮਕ ਪ੍ਰਤਿਭਾ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਸਿਰਜਣਾਤਮਕ ਸੋਚ, ਆਤਮ-ਵਿਸ਼ਵਾਸ ਅਤੇ ਆਪਣੀ ਕਲਾ ਨੂੰ ਆਪਣੇ ਹੱਥਾਂ ਨਾਲ ਪੇਸ਼ ਕਰਨ ਦੀ ਭਾਵਨਾ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਰੱਖੜੀ ਦਾ ਤਿਉਹਾਰ ਭੈਣ-ਭਰਾ ਦੇ ਪਿਆਰ, ਸਨੇਹ ਅਤੇ ਆਪਸੀ ਸਤਿਕਾਰ ਦਾ ਪ੍ਰਤੀਕ ਹੈ ਅਤੇ ਅਜਿਹੇ ਮੁਕਾਬਲਿਆਂ ਰਾਹੀਂ ਵਿਦਿਆਰਥੀਆਂ ਨੂੰ ਇਨ੍ਹਾਂ ਕਦਰਾਂ-ਕੀਮਤਾਂ ਨਾਲ ਵੀ ਜੋੜਿਆ ਜਾਂਦਾ ਹੈ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮਨਦੀਪ ਕੌਰ ਮੈਡਮ, ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਕੌਰ, ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ ਅੰਮ੍ਰਿਤਸਰ ਜ਼ਿਲ੍ਹਾ ਦਿਹਾਤੀ ਦੇ ਪ੍ਰਧਾਨ ਸ੍ਰ ਬਲਜਿੰਦਰ ਸਿੰਘ ਥਾਂਦੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਲ

### ਬਾਪੂ ਤਰਸੇਮ ਸਿੰਘ ਜੀ ਨੇ ਕੀਤਾ ਸਵਾਗਤ, ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ




**ਜੰਡਿਆਲਾ ਗੁਰੂ, 27 ਅਗਸਤ (ਕੁਲਵੰਤ ਸਿੰਘ ਵਿਰਦੀ )**-ਅੱਜ ਪ੍ਰੈਸ ਕਲੱਬ ਵਿਖੇ ਮੈਂਬਰ ਪਾਰਲੀਮੈਂਟ ਭਾਈ ਅਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਹੋਈ ਪ੍ਰੈਸ ਕਾਨਫਰੰਸ ਦੌਰਾਨ ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਦਿਹਾਤੀ ਜ਼ਿਲ੍ਹਾ ਪ੍ਰਧਾਨ ਸਰਦਾਰ ਬਲਜਿੰਦਰ ਸਿੰਘ ਥਾਂਦੇ ਅਤੇ ਹਲਕਾ ਰਾਜਾਸਾਂਸੀ ਦੇ ਮੀਡੀਆ ਇੰਚਾਰਜ ਸ੍ਰੀ ਕ੍ਰਿਸ਼ਨ ਕੁਮਾਰ ਜੀ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਬਲਜਿੰਦਰ ਸਿੰਘ ਥਾਂਦੇ ਪੈਪਸੂ ਰੋਡਵੇਜ਼ ਟਰਾਂਸਪੋਰਟ ਕਾਰਪੋਰੇਸ਼ਨ ਦੇ ਡਾਇਰੈਕਟਰ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ। ਇਸ ਮੌਕੇ ਹਲਕਾ ਅਟਾਰੀ ਤੋਂ ਸ੍ਰੀ ਝਿਰਮਲ ਸਿੰਘ ਭੰਡਿਆਰ ਨੇ ਵੀ ਪਾਰਟੀ ਨਾਲ ਜੁੜਨ ਦਾ ਐਲਾਨ ਕੀਤਾ। ਬਾਪੂ ਤਰਸੇਮ ਸਿੰਘ ਜੀ ਨੇ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਪੰਥ ਪੰਜਾਬ ਦੇ ਹਿੱਤਾਂ, ਪੰਜਾਬ ਦੀ ਹੋਂਦ ਅਤੇ ਹੱਕਾਂ ਦੀ ਲੜਾਈ ਨੂੰ ਮਜ਼ਬੂਤ ਕਰਨ ਲਈ ਹਰ ਪੰਜਾਬ-ਹਿਤੈਸ਼ੀ ਵਿਅਕਤੀ ਦਾ ਸਵਾਗਤ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਅਤੇ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕਰਨ ਵਾਲਾ ਮੰਚ ਹੈ। ਇਸ ਮੌਕੇ ਸ੍ਰ. ਜਸਕਰਨ ਸਿੰਘ ਕਾਹਨਸਿੰਘ ਵਾਲਾ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਭਾਈ ਜਸਕਰਨ ਸਿੰਘ ਰਿਆੜ, ਭਾਈ ਅਮਨਦੀਪ ਸਿੰਘ ਡੱਡੂਆਣਾ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਗੁਰਵਿੰਦਰ ਸਿੰਘ ਝੰਡੇਰ, ਸ੍ਰ ਸਵਿੰਦਰ ਸਿੰਘ ਸਾਂਘਣਾ, ਸ੍ਰ ਪ੍ਰਗਟ ਸਿੰਘ ਮਾਹਲ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਪਰਮਜੀਤ ਸਿੰਘ ਵਣੀਏਕੇ, ਸ੍ਰ ਹਰਕਮਲਪ੍ਰੀਤ ਸਿੰਘ, ਸ੍ਰ ਦਲਜੀਤ ਸਿੰਘ ਪੱਧਰੀ, ਪ੍ਰਿਤਪਾਲ ਸਿੰਘ ਮੀਰਾਂਕੋਟ, ਬਾਬਾ ਕੁਲਵੰਤ ਸਿੰਘ, ਸ਼ੇਰਾ ਲਹੌਰੀ ਮੱਲ, ਬਿਕਰਮਜੀਤ ਸਿੰਘ ਭੰਡਿਆਰ, ਭਾਈ ਜਰਮਨਦੀਪ ਸਿੰਘ, ਭਾਈ ਹਰਪ੍ਰੀਤ ਸਿੰਘ, ਹਰਪ੍ਰੀਤ ਸਿੰਘ ਤਰਨਾ ਦਲ, ਹਰਜਿੰਦਰ ਸਿੰਘ ਲਹੌਰੀ ਮੱਲ, ਨਿਰਮਲ ਸਿੰਘ ਭੰਡਿਆਰ, ਡਾਕਟਰ ਲਾਭਪ੍ਰੀਤ ਸਿੰਘ ਭੰਡਿਆਰ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਦੇ ਵਿਦਿਆਰਥੀ ਸੁਖਰਾਜ ਸਿੰਘ ਨੇ ਰਾਜ ਪੱਧਰ ਤੇ ਬਣਾਈ ਆਪਣੀ ਜਗ੍ਹਾ



ਬਿਲਾਸਪੁਰ / ਮੋਗਾ (ਵਰਿਆਮ ਹਠੂਰ) ਇਲਾਕੇ ਦੀ ਚਰਚਿਤ ਤੇ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਲਈ ਇਹ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਹੋਣਹਾਰ ਵਿਦਿਆਰਥੀ ਸੁਖਰਾਜ ਸਿੰਘ ਨੇ ਜੋਨਲ ਪੱਧਰ ਤੇ ਜ਼ਿਲ੍ਹਾ ਪੱਧਰ ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ 17 ਗਰੀਕੋ ਰੋਮਨ ਕੁਸ਼ਤੀ ਦੇ 92 ਕਿਲੋਗ੍ਰਾਮ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਹੁਣ ਉਸਦੀ ਸਟੇਟ ਪੱਧਰੀ ਗਰੀਕੋ ਰੋਮਨ ਕੁਸ਼ਤੀ ਮੁਕਾਬਲੇ ਲਈ ਚੋਣ ਹੋਈ ਹੈ। ਇਸ ਮੌਕੇ ਤੇ ਬੋਲਦੇ ਹੋਏ ਸਕੂਲ ਪ੍ਰਧਾਨ ਅਤੇ ਸਮਾਜ ਸੇਵੀ ਸ੍ਰ: ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੋਅ, ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਵਧਾਈ ਦਿੰਦੇ ਹੋਏ ਸਟੇਟ ਪੱਧਰੀ ਮੁਕਾਬਲੇ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੀਆਂ ਖੇਡ ਪ੍ਰਾਪਤੀਆਂ ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦੇ ਨਾਲ ਨਾਲ ਸਕੂਲ ਅਤੇ ਇਲਾਕੇ ਦਾ ਨਾਮ ਵੀ ਰੋਸ਼ਨ ਕਰਦੀਆਂ ਹਨ।




ਬਾਬਾ ਬਕਾਲਾ ਸਾਹਿਬ ਜੀ ਦੇ ਰੱਖੜ ਪੁੰਨਿਆਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਗੁਰੂ ਲਾਧੋ ਰੇ ਸਮੂਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਹੋਣ, ਵੱਲੋਂ ਅਰਸ਼ਦੀਪ ਸਿੰਘ ਅਮਰੀਕਾ ਵਾਲੇ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਰੱਖੜ ਪੁੰਨਿਆ ਮੌਕੇ ਭਾਜਪਾ ਦੀ ਪਹਿਲੀ ਵਿਸ਼ਾਲ ਕਾਨਫ਼ਰੰਸ ਲਈ ਲੋਕਾਂ 'ਚ ਭਾਰੀ ਉਤਸ਼ਾਹ

# ਪੰਜਾਬ ਦੇ ਮੁੜ ਉਥਾਨ ਦਾ ਸੰਕਲਪ ਲੈ ਕੇ ਇਕੱਠੇ ਹੋਣਗੇ ਆਗੂ





- ☛ ਕੇਂਦਰੀ ਖੇਤੀਬਾੜੀ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ, ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸਮੇਤ ਭਾਜਪਾ ਦੀ ਕੌਮੀ ਅਤੇ ਸੂਬਾਈ ਲੀਡਰਸ਼ਿਪ ਸੰਬੋਧਨ ਕਰੇਗੀ
- ☛ ਪੰਜਾਬ ਭਾਜਪਾ ਦੇ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਨੇ ਲੋਕਾਂ ਨੂੰ ਹੁਮ ਹੁੰਮਾ ਕੇ ਪਹੁੰਚਣ ਦਾ ਦਿੱਤਾ ਸੱਦਾ

**ਅੰਮ੍ਰਿਤਸਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਥਾਨਕ ਮੀਡੀਆ ਤਾਲਮੇਲ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਦੱਸਿਆ ਕਿ ਰੱਖੜ ਪੁੰਨਿਆ ਦੇ ਪਾਵਨ ਮੌਕੇ ਪੰਜਾਬ ਭਾਜਪਾ ਦੇ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਬਾਬਾ ਬਕਾਲਾ ਸਾਹਿਬ ਵਿਖੇ ਭਾਜਪਾ ਦੀ ਪਹਿਲੀ ਵਿਸ਼ਾਲ ਸਿਆਸੀ ਕਾਨਫ਼ਰੰਸ ਕਰਵਾਈ ਜਾ ਰਹੀ ਹੈ। ਕਾਨਫ਼ਰੰਸ ਨੂੰ ਕੇਂਦਰੀ ਖੇਤੀਬਾੜੀ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ, ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ, ਰਾਸ਼ਟਰੀ ਦਫ਼ਤਰ ਸਕੱਤਰ ਤਰੁਣ ਚੁੱਘ, ਸੂਬਾ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ. ਸਮੇਤ ਭਾਜਪਾ ਦੀ ਕੌਮੀ ਅਤੇ ਸੂਬਾਈ ਲੀਡਰਸ਼ਿਪ ਸੰਬੋਧਨ ਕਰੇਗੀ।

ਉਨ੍ਹਾਂ ਕਿਹਾ ਕਿ ਕਾਨਫ਼ਰੰਸ ਦੌਰਾਨ ਪੰਜਾਬ ਨੂੰ ਦਰਪੇਸ਼ ਚੁਣੌਤੀਆਂ, ਕਿਸਾਨੀ, ਨੌਜਵਾਨਾਂ ਦੇ ਭਵਿੱਖ, ਰੁਜ਼ਗਾਰ, ਨਸ਼ਿਆਂ ਦੇ ਖ਼ਾਤਮੇ, ਸੂਬੇ ਦੀ ਸੁਰੱਖਿਆ ਅਤੇ ਪੰਜਾਬ ਦੇ ਮੁੜ ਉਥਾਨ ਤੇ ਵਿਕਾਸ ਬਾਰੇ ਵਿਚਾਰ ਸਾਂਝੇ ਕੀਤੇ ਜਾਣਗੇ। ਕਾਨਫ਼ਰੰਸ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ ਅਤੇ ਸੂਬਾ ਸੰਗਠਨ ਮੰਤਰੀ ਸ੍ਰੀ ਮੰਥਰੀ ਸ੍ਰੀਨਿਵਾਸੁਲੂ ਦੀ ਅਗਵਾਈ ਹੇਠ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਚੁੱਕੀਆਂ ਹਨ। ਇਸ ਮੌਕੇ ਬਿਕਰਮਜੀਤ ਸਿੰਘ ਚੀਮਾ, ਮਨਜੀਤ ਸਿੰਘ ਮੀਆਂਵਿੰਡ, ਸੂਰਜ ਭਾਰਦਵਾਜ, ਅਜੇਬੀਰ ਪਾਲ ਸਿੰਘ ਰੰਧਾਵਾ, ਪ੍ਰੋ. ਸਰਚਾਂਦ ਸਿੰਘ ਖਿਆਲਾ, ਹਰਜੀਤ ਸਿੰਘ ਮੀਆਂਵਿੰਡ ਅਤੇ ਆਸ਼ੂ ਅੰਬਾ ਹਾਜ਼ਰ ਸਨ। ਪ੍ਰੋ. ਖਿਆਲਾ ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਸਿਰਫ਼ ਇੱਕ ਇਤਿਹਾਸਕ ਸਥਾਨ ਨਹੀਂ, ਸਗੋਂ ਸੱਚ ਦੀ ਪਛਾਣ, ਸਿਦਕ, ਤਪੱਸਿਆ ਅਤੇ ਉੱਚੇ-ਸੁੱਚੇ ਆਚਰਨ ਦੀ ਧਰਤੀ ਹੈ। ਇੱਥੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਨੇ 26 ਸਾਲ 9 ਮਹੀਨੇ 13 ਦਿਨ ਤਪੱਸਿਆ ਤੇ ਬੰਦਗੀ ਕੀਤੀ। ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਦਿੱਲੀ ਵਿਖੇ ਜੋਤੀ ਜੋਤ ਸਮਾਉਣ ਸਮੇਂ "ਬਾਬਾ ਬਕਾਲਾ" ਦਾ ਸੰਕੇਤ ਦੇ ਕੇ ਸਿੱਖ ਸੰਗਤ ਨੂੰ ਨੌਵੇਂ ਗੁਰੂ ਦੀ ਪਛਾਣ ਲਈ ਇਸ ਧਰਤੀ ਵੱਲ ਇਸ਼ਾਰਾ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਬਕਾਲੇ ਵਿੱਚ 22 ਦਾਅਵੇਦਾਰ ਆਪਣੇ ਆਪ ਨੂੰ ਗੁਰੂ ਦੱਸ ਕੇ ਸੰਗਤ ਨੂੰ ਗੁਮਰਾਹ ਕਰ ਰਹੇ ਸਨ, ਤਾਂ ਗੁਰੂ ਦੇ ਅਨਿਨ ਸ਼ਰਧਾਲੂ ਭਾਈ ਮੱਖਣ ਸ਼ਾਹ ਲੁਬਾਣਾ ਨੇ ਆਪਣੀ ਸੂਝ-ਬੂਝ ਅਤੇ ਸ਼ਰਧਾ ਨਾਲ ਸੱਚੇ ਗੁਰੂ ਦੀ ਪਛਾਣ ਕੀਤੀ। ਸਮੁੰਦਰੀ ਤੂਫ਼ਾਨ ਵਿੱਚ ਬੇੜਾ ਬਚਣ 'ਤੇ ਕੀਤੀ 500 ਮੋਹਰਾਂ ਦੀ ਸੁੱਖਣਾ ਦਾ ਜ਼ਿਕਰ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਵੱਲੋਂ ਕੀਤੇ ਜਾਣ ਉਪਰੰਤ ਭਾਈ ਮੱਖਣ ਸ਼ਾਹ ਨੇ ਕੋਠੇ 'ਤੇ ਚੜ੍ਹ ਕੇ ਪੁਕਾਰਿਆ—"ਗੁਰੂ ਲਾਧੋ ਰੇ! ਗੁਰੂ ਲਾਧੋ ਰੇ!" ਅਤੇ ਸੰਗਤ ਨੂੰ ਸੱਚੇ ਪਾਤਸ਼ਾਹ ਦੀ ਪਛਾਣ ਕਰਵਾਈ। ਇਹ ਇਤਿਹਾਸਕ ਘਟਨਾ 20 ਮਾਰਚ 1665 ਈ. ਨੂੰ ਵਾਪਰੀ।

ਪ੍ਰੋ. ਖਿਆਲਾ ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਦੀ ਧਰਤੀ ਸਾਨੂੰ ਇਹ ਸੰਦੇਸ਼ ਦਿੰਦੀ ਹੈ ਕਿ ਝੂਠ, ਪਾਖੰਡ ਅਤੇ ਦੰਭ ਭਾਵੇਂ ਕਿੰਨਾ ਵੀ ਵੱਡਾ ਰੂਪ ਧਾਰ ਲੈਣ, ਸੱਚ ਆਖ਼ਿਰਕਾਰ ਆਪਣੀ ਪਛਾਣ ਬਣਾ ਲੈਂਦਾ ਹੈ। ਅੱਜ ਪੰਜਾਬ ਨੂੰ ਵੀ ਸਿਆਸੀ ਝੂਠ, ਵਾਅਦਾ-ਖ਼ਿਲਾਫ਼ੀ ਅਤੇ ਭਰਮ ਦੀ ਰਾਜਨੀਤੀ ਨੂੰ ਪਛਾਣਨ ਦੀ ਲੋੜ ਹੈ। ਮਾਨ-ਕੇਜਰੀਵਾਲ ਦੀ ਸਿਆਸਤ ਨੇ ਪੰਜਾਬ ਨੂੰ ਜਿਹੜੇ ਸੰਕਟਾਂ ਵਿੱਚ ਧੱਕਿਆ ਹੈ, ਉਨ੍ਹਾਂ ਤੋਂ ਮੁਕਤੀ ਲਈ ਲੋਕਾਂ ਨੂੰ ਸੱਚ ਅਤੇ ਝੂਠ ਵਿਚਲਾ ਫ਼ਰਕ ਸਮਝਣਾ ਪਵੇਗਾ। ਬਾਬਾ ਬਕਾਲਾ ਸਾਹਿਬ ਦੀ ਧਰਤੀ ਝੂਠ ਅਤੇ ਪਾਖੰਡ ਨੂੰ ਕਦੇ ਪ੍ਰਵਾਨ ਨਹੀਂ ਕਰਦੀ।

ਉਨ੍ਹਾਂ ਕਿਹਾ ਕਿ ਰੱਖੜ ਪੁੰਨਿਆ ਦਾ ਜੋੜ ਮੇਲਾ ਵੀ ਸਿੱਖਾਂ ਦੇ ਉੱਚੇ-ਸੁੱਚੇ ਕਿਰਦਾਰ, ਬਹਾਦਰੀ, ਨਾਰੀ ਸਨਮਾਨ ਅਤੇ ਵਚਨਬੱਧਤਾ ਦੀ ਵਿਲੱਖਣ ਯਾਦ ਨਾਲ ਜੁੜਿਆ ਹੋਇਆ ਹੈ। ਅਹਿਮਦ ਸ਼ਾਹ ਅਬਦਾਲੀ ਦੇ ਜ਼ੁਲਮਾਂ ਦੌਰਾਨ ਸਿੱਖਾਂ ਵੱਲੋਂ ਬੰਦੀ ਬਣਾਈਆਂ ਗਈਆਂ ਹਿੰਦੂ ਇਸਤਰੀਆਂ ਨੂੰ ਛੁਡਵਾ ਕੇ ਸੁਰੱਖਿਅਤ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣਾ ਅਤੇ ਉਨ੍ਹਾਂ ਨਾਲ ਭਰਾਵਾਂ ਵਾਲਾ ਰਿਸ਼ਤਾ ਕਾਇਮ ਕਰਨਾ ਸਿੱਖ ਕਿਰਦਾਰ ਦੀ ਮਹਾਨ ਮਿਸਾਲ ਹੈ। ਸਮੇਂ ਦੇ ਨਾਲ ਇਹ ਮਿਲਾਪ ਰੱਖੜ ਪੁੰਨਿਆ ਦੇ ਜੋੜ ਮੇਲੇ ਦੀ ਪਰੰਪਰਾ ਵਿੱਚ ਬਦਲ ਗਿਆ।

ਪ੍ਰੋ. ਖਿਆਲਾ ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਦੀ ਧਰਤੀ ਤੋਂ ਅੱਜ ਫਿਰ ਸੱਚ, ਸੇਵਾ, ਸੁਰੱਖਿਆ, ਸਨਮਾਨ ਅਤੇ ਪੰਜਾਬ ਦੇ ਪੁਨਰ-ਨਿਰਮਾਣ ਦਾ ਸੰਦੇਸ਼ ਦੇਣ ਦੀ ਲੋੜ ਹੈ। ਭਾਜਪਾ ਦੀ ਇਹ ਕਾਨਫ਼ਰੰਸ ਸਿਰਫ਼ ਸਿਆਸੀ ਇਕੱਠ ਨਹੀਂ, ਸਗੋਂ ਪੰਜਾਬ ਨੂੰ ਨਸ਼ਾ-ਮੁਕਤ, ਸੁਰੱਖਿਅਤ, ਖ਼ੁਸ਼ਹਾਲ, ਰੁਜ਼ਗਾਰਮੁਖੀ ਅਤੇ ਵਿਕਾਸਸ਼ੀਲ ਸੂਬਾ ਬਣਾਉਣ ਲਈ ਲੋਕਾਂ ਨਾਲ ਸੰਵਾਦ ਦਾ ਮਹੱਤਵਪੂਰਨ ਮੰਚ ਸਾਬਤ ਹੋਵੇਗੀ।

# ਪਾਵਰਕੌਮ ਕਾਮਿਆਂ ਸਰਕਲ ਦਫਤਰ ਮੂਹਰੇ ਦਿੱਤਾ ਧਰਨਾ

ਫ਼ਿਰੋਜ਼ਪੁਰ, 27 ਅਗਸਤ (ਮਨੋਹਰ ਲਾਲ) :— ਜੁਆਇੰਟ ਫੋਰਮ ਅਤੇ ਏਕਤਾ ਮੰਚ ਪੰਜਾਬ ਦੇ ਸੱਦੇ ਤੇ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਅਤੇ ਮੁਲਾਜ਼ਮ ਯੂਨਾਈਟਡ ਔਰਗੇਨਾਈਜੇਸ਼ਨ ਨੇ ਸਰਕਲ ਦਫਤਰ ਸਾਹਮਣੇ ਦਿੱਤਾ ਧਰਨਾ। ਇਸ ਮੌਕੇ ਵੱਡੀ ਗਿਣਤੀ ਬਿਜਲੀ ਮੁਲਾਜ਼ਮਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸਰਕਲ ਦਫਤਰ ਮੂਹਰੇ ਦਿੱਤੇ ਧਰਨੇ ਵਿਚ ਸ਼ਮੂਲੀਅਤ ਕੀਤੀ ਗਈ, ਜਦੋਂ ਕਿ ਧਰਨੇ ਦੀ ਪ੍ਰਧਾਨੀ ਰਾਕੇਸ਼ ਦੱਤਾ ਜੋਨਲ ਪ੍ਰਧਾਨ ਅਤੇ ਹਿਰਤੇਸ਼ ਕੁਮਾਰ ਜਨਰਲ ਸਕੱਤਰ ਪੰਜਬ ਵੱਲੋਂ ਕੀਤੀ ਗਈ। ਇਸ ਧਰਨੇ ਦੌਰਾਨ ਅਸ਼ਵਨੀ ਕੁਮਾਰ, ਕਰਨੈਲ ਸਿੰਘ, ਰੋਸ਼ਨ ਲਾਲ, ਸੁਖਚੈਨ ਸਿੰਘ, ਰਣਬੀਰ ਸਿੰਘ ਮਮਦੋਟ, ਨੰਦ ਲਾਲ, ਕਰਮਜੀਤ ਸਿੰਘ, ਬਲਵੰਤ ਬਿੱਟੂ, ਵਰਿੰਦਰ ਕੁਮਾਰ ਆਦਿ ਸਾਥੀ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੁਆਇੰਟ ਫੋਰਮ ਵੱਲੋਂ ਪਾਵਰਕੌਮ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਨੂੰ ਮੁਲਾਜ਼ਮਾਂ ਦੀਆਂ 60 ਮੰਗਾਂ ਦਾ ਮੰਗ ਪੱਤਰ ਦਿੱਤਾ ਹੋਇਆ ਹੈ, ਜਿਸ ਵਿਚ ਡੀ.ਏ 18 ਪ੍ਰਤੀਸ਼ਤ, ਪੁਰਾਣੀ ਪੈਨਸ਼ਨ ਦੀ ਬਹਾਲੀ, 17.07.2020 ਦਾ ਪੱਤਰ ਰੱਦ ਕਰਨ ਬਾਰੇ, ਕੱਚੇ ਕਾਮਿਆਂ ਨੂੰ ਪੱਕਾ ਕਰਨ ਬਾਰ, ਬੰਦ ਕੀਤੇ ਭੱਤੇ ਲਾਗੂ ਕਰਨ ਬਾਰੇ, 35400 ਦਾ ਸਕੇਲ ਲਾਗੂ ਕਰਨ ਬਾਰੇ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਵੱਲੋਂ ਉਪਰੋਕਤ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ



# ਖਯਮੋਹਨ ਭਾਗਵਤ ਦੇ ਨਿਊਯਾਰਕ ਦੌਰੇ ਖ਼ਿਲਾਫ਼ 29 ਅਗਸਤ ਨੂੰ ਖਾਲਿਸਤਾਨ ਸਮਰਥਕਾਂ ਵੱਲੋਂ ਵਿਰੋਧ ਦਾ ਐਲਾਨ—ਪੰਨੂ

## ਆਰਐਸਐਸ ਦੀ ਹਿੰਦੂਤਵ ਵਿਚਾਰਧਾਰਾ ਸਿੱਖਾਂ, ਮੁਸਲਮਾਨਾਂ ਅਤੇ ਇਸਾਈਆਂ ਲਈ ਭਾਰੀ ਖਤਰਨਾਕ



**ਨਵੀਂ ਦਿੱਲੀ 27 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:-ਰਾਸ਼ਟਰੀ ਸਵੈਮਸੇਵਕ ਸੰਘ ਦੇ ਮੁਖੀ ਮੋਹਨ ਭਾਗਵਤ ਦੇ ਨਿਊਯਾਰਕ ਪਹੁੰਚਣ ਦਰਮਿਆਨ ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਤਿੱਖਾ ਬਿਆਨ ਜਾਰੀ ਕਰਦਿਆਂ ਰਾਸ਼ਟਰੀ ਸਵੈਮਸੇਵਕ ਸੰਘ ਦੀ ਹਿੰਦੂਤਵ ਵਿਚਾਰਧਾਰਾ ਨੂੰ ਸਿੱਖਾਂ, ਮੁਸਲਮਾਨਾਂ ਅਤੇ ਇਸਾਈਆਂ ਲਈ ਖ਼ਤਰਾ ਕਰਾਰ ਦਿੱਤਾ ਹੈ। ਪੰਨੂ ਨੇ ਕਿਹਾ ਕਿ 29 ਅਗਸਤ ਨੂੰ ਖਾਲਿਸਤਾਨ ਸਮਰਥਕ ਮੋਹਨ ਭਾਗਵਤ ਦੇ ਦੌਰੇ ਦਾ ਵਿਰੋਧ ਕਰਕੇ ਇਸ ਵਿਚਾਰਧਾਰਾ ਨੂੰ ਚੁਣੌਤੀ ਦੇਣਗੇ। ਪੰਨੂ ਨੇ ਹਿੰਦੂਤਵ ਵਿਚਾਰਧਾਰਾ 'ਤੇ ਹਮਲਾ ਕਰਦਿਆਂ ਕਿਹਾ ਕਿ "ਸੱਪ ਨੂੰ ਨਾ ਮਾਰੋ, ਪਹਿਲਾਂ ਹਿੰਸਕ ਹਿੰਦੂਤਵ ਵਿਚਾਰਧਾਰਾ ਨੂੰ ਖ਼ਤਮ ਕਰੋ।" ਉਨ੍ਹਾਂ ਦਾਅਵਾ ਕੀਤਾ ਕਿ 'ਵਿਸ਼ਵ ਏਕਤਾ ਸਮਾਗਮ' ਦੇ ਨਾਮ ਨਾਲ ਜੁੜੀ ਇਹ ਪਹਿਲ ਅਸਲ ਵਿੱਚ ਏਕਤਾ ਦੀ ਵਿਚਾਰਧਾਰਾ ਦੀ ਪ੍ਰਤੀਨਿਧਤਾ ਨਹੀਂ ਕਰਦੀ। ਉਨ੍ਹਾਂ ਅਨੁਸਾਰ ਭਾਰਤੀ ਜਨਤਾ ਪਾਰਟੀ ਅਤੇ ਰਾਸ਼ਟਰੀ ਸਵੈਮਸੇਵਕ ਸੰਘ ਦੀ ਵਿਚਾਰਧਾਰਾ ਤਹਿਤ ਸਿੱਖਾਂ, ਮੁਸਲਮਾਨਾਂ ਅਤੇ ਇਸਾਈਆਂ ਨੂੰ ਕਥਿਤ ਤੌਰ 'ਤੇ ਹੋਂਦ ਦਾ ਖ਼ਤਰਾ ਦਰਪੇਸ਼ ਹੈ। ਪੰਨੂ ਨੇ ਨਿਊਯਾਰਕ ਦੇ ਮੇਅਰ ਜ਼ੋਹਰਾਨ ਮਮਦਾਨੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਉਹ ਮੋਹਨ ਭਾਗਵਤ ਨੂੰ ਰੋਕ ਨਹੀਂ ਸਕਦੇ ਤਾਂ ਖਾਲਿਸਤਾਨ ਸਮਰਥਕ ਸਿੱਖਾਂ ਨਾਲ ਖੜ੍ਹ ਕੇ ਨਿਊਯਾਰਕ ਵਿੱਚ ਹਿੰਦੂਤਵ ਦੇ ਕਥਿਤ ਅਰਧ-ਸੈਨਿਕ ਏਜੰਡੇ ਦਾ ਵਿਰੋਧ ਕਰਨ। ਸਿੱਖਸ ਫਾਰ ਜਸਟਿਸ ਵੱਲੋਂ ਦਿੱਤੇ ਇਸ ਬਿਆਨ ਨਾਲ ਮੋਹਨ ਭਾਗਵਤ ਦੇ ਨਿਊਯਾਰਕ ਦੌਰੇ ਨੂੰ ਲੈ ਕੇ ਵਿਚਾਰਧਾਰਕ ਟਕਰਾਅ ਹੋਰ ਤਿੱਖਾ ਹੋਣ ਦੇ ਸੰਕੇਤ ਮਿਲ ਰਹੇ ਹਨ।

# ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ ਸ਼ਹਾਦਤ ਨੇ ਸ਼ਹਾਦਤ ਦੇ ਅਰਥਾਂ ਨੂੰ ਦਿੱਤੀ ਸੀ ਨਵੀਂ ਗਹਿਰਾਈ: ਭਾਈ ਪਰਮਜੀਤ ਸਿੰਘ ਭਿਓਰਾ

## 31 ਅਗਸਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭਾਈ ਦਿਲਾਵਰ ਸਿੰਘ ਬੱਬਰ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਅੰਦਰ ਵੱਡੀ ਗਿਣਤੀ 'ਚ ਸ਼ਾਮਲ ਹੋਣ ਦੀ ਅਪੀਲ



ਨਵੀਂ ਦਿੱਲੀ 27 ਅਗਸਤ (ਮਨਪ੍ਰੀਤ ਸਿੰਘ ਖਾਲਸਾ):–: ਬੁੜੈਲ ਜੇਲ੍ਹ ਅੰਦਰ ਨਜ਼ਰਬੰਦ ਭਾਈ ਪਰਮਜੀਤ ਸਿੰਘ ਭਿਓਰਾ ਨੇ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਕਿਹਾ ਕਿ ਜਦੋਂ ਜ਼ੁਲਮ ਅਤੇ ਅਨਿਆਂ ਆਪਣੀਆਂ ਹੱਦਾਂ ਪਾਰ ਕਰ ਜਾਣ ਤਾਂ ਉਸ ਦੇ ਵਿਰੁੱਧ ਸੰਘਰਸ਼ ਕਰਨ ਵਾਲਿਆਂ ਲਈ ਸ਼ਹਾਦਤ ਸਭ ਤੋਂ ਵੱਡੀ ਕੁਰਬਾਨੀ ਬਣ ਜਾਂਦੀ ਹੈ। ਉਨ੍ਹਾਂ ਕਿਹਾ ਕਿ ਭਾਈ ਦਿਲਾਵਰ ਸਿੰਘ ਬੱਬਰ ਨੇ ਆਪਣੀ ਜਾਨ ਦੀ ਕੁਰਬਾਨੀ ਦੇ ਕੇ ਪੰਥਕ ਇਤਿਹਾਸ ਵਿੱਚ ਅਜਿਹਾ ਅਧਿਆਇ ਜੋੜਿਆ, ਜਿਸ ਨੇ ਸ਼ਹਾਦਤ ਦੇ ਅਰਥਾਂ ਨੂੰ ਨਵੀਂ ਗਹਿਰਾਈ ਦਿੱਤੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਦ੍ਰਿੜ੍ਹਤਾ ਤੇ ਕੁਰਬਾਨੀ ਦੀ ਮਿਸਾਲ ਕਾਇਮ ਕੀਤੀ। ਭਾਈ ਭਿਓਰਾ ਨੇ ਕਿਹਾ ਕਿ ਉਸ ਸਮੇਂ ਦੇ ਹਾਲਾਤਾਂ ਵਿੱਚ ਪੰਜਾਬ ਅੰਦਰ ਵਾਪਰੇ ਜ਼ੁਲਮਾਂ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨੂੰ ਲੈ ਕੇ ਸਿੱਖ ਪੰਥ ਵਿੱਚ ਡੂੰਘਾ ਰੋਸ ਸੀ। ਤਤਕਾਲੀ ਮੁੱਖ ਮੰਤਰੀ ਬੇਅੰਤ ਸਿੰਘ ਦੀ ਸਰਕਾਰ ਦੇ ਦੌਰ ਵਿੱਚ ਬੇਗੁਨਾਹ ਸਿੱਖਾਂ ਨੂੰ ਘਰੋਂ ਕਢ ਕਢ ਅਣਪਛਾਤਾ ਬਣਾਉਣਾ, ਪੁਲਿਸ ਵਲੋਂ ਆਦਮ ਬੋਅ ਆਦਮ ਬੋਅ ਕਰਦੇ ਜ਼ੁਲਮਾਂ ਦੀ ਅੱਤ ਕਰਣੀ ਅਤੇ ਬੇਅੰਤ ਜ਼ੁਲਮਾਂ ਲਈ ਉਸ ਨੂੰ ਜ਼ਿੰਮੇਵਾਰ ਮੰਨਣ ਵਾਲੀ ਸੋਚ ਤੇ ਪਹਿਰਾ ਦੇਂਦਿਆ ਭਾਈ ਦਿਲਾਵਰ ਸਿੰਘ ਬੱਬਰ ਨੇ ਸਿੱਖ ਪੰਥ ਦੀ ਆਨ ਬਾਨ ਸ਼ਾਨ ਲਈ ਆਪਣੀ ਜਾਨ ਕੁਰਬਾਨ ਕੀਤੀ। ਭਾਈ ਭਿਓਰਾ ਨੇ ਇਸ ਨੂੰ ਉਸ ਵੱਲੋਂ ਕੀਤੇ ਗੁਨਾਹਾਂ ਦੀ ਸਜ਼ਾ ਵਜੋਂ ਦਰਸਾਉਂਦਿਆਂ ਕਿਹਾ ਕਿ ਭਾਈ ਦਿਲਾਵਰ ਸਿੰਘ ਬੱਬਰ ਦੀ ਕੁਰਬਾਨੀ ਨੇ ਉਸ ਦੌਰ ਦੇ ਜ਼ੁਲਮਾਂ ਵਿਰੁੱਧ ਪੰਥਕ ਯਾਦ ਵਿੱਚ ਇੱਕ ਡੂੰਘਾ ਨਿਸ਼ਾਨ ਛੱਡਿਆ। ਉਨ੍ਹਾਂ ਕਿਹਾ ਕਿ ਇਤਿਹਾਸ ਵਿੱਚ ਸ਼ਹਾਦਤਾਂ ਸਿਰਫ਼ ਬੀਤੀਆਂ ਘਟਨਾਵਾਂ ਨਹੀਂ ਹੁੰਦੀਆਂ, ਸਗੋਂ ਉਹ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੱਚ, ਹੱਕ, ਦ੍ਰਿੜ੍ਹਤਾ ਅਤੇ ਆਪਣੇ ਅਕੀਦੇ ਪ੍ਰਤੀ ਵਫ਼ਾਦਾਰੀ ਦੀ ਯਾਦ ਦਿਵਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਭਾਈ ਦਿਲਾਵਰ ਸਿੰਘ ਬੱਬਰ ਦੀ ਸ਼ਹਾਦਤ ਪੰਥਕ ਇਤਿਹਾਸ ਦਾ ਇੱਕ ਅਦਭੁਤ ਅਧਿਆਇ ਬਣ ਚੁੱਕੀ ਹੈ ਅਤੇ ਇਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਸ਼ਹਾਦਤ ਅਤੇ ਕੁਰਬਾਨੀ ਦੇ ਸੰਦਰਭ ਵਿੱਚ ਯਾਦ ਕਰਦੀਆਂ ਰਹਿਣਗੀਆਂ। ਭਾਈ ਭਿਓਰਾ ਨੇ ਕਿਹਾ ਕਿ ਜਿਹੜੇ ਲੋਕ ਆਪਣੇ ਵਿਸ਼ਵਾਸ, ਸੱਚ ਅਤੇ ਹੱਕਾਂ ਲਈ ਆਪਣਾ ਸਭ ਕੁਝ ਕੁਰਬਾਨ ਕਰ ਦਿੰਦੇ ਹਨ, ਉਹ ਸਰੀਰਕ ਤੌਰ 'ਤੇ ਭਾਵੇਂ ਸੰਸਾਰ ਤੋਂ ਚਲੇ ਜਾਣ ਪਰ ਇਤਿਹਾਸ ਵਿੱਚ ਸਦਾ ਜਿਉਂਦੇ ਰਹਿੰਦੇ ਹਨ। ਅੰਤ ਵਿੱਚ ਉਨ੍ਹਾਂ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ 31 ਅਗਸਤ, ਦਿਨ ਸੋਮਵਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭਾਈ ਦਿਲਾਵਰ ਸਿੰਘ ਬੱਬਰ ਦੀ ਸ਼ਹਾਦਤ ਨੂੰ ਸਮਰਪਿਤ ਮਨਾਏ ਜਾ ਰਹੇ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਸ਼ਹੀਦ ਦੀ ਯਾਦ ਨੂੰ ਸਤਿਕਾਰ ਸਹਿਤ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣ ਅਤੇ ਉਨ੍ਹਾਂ ਵੱਲੋਂ ਦਰਸਾਏ ਰਾਹ 'ਤੇ ਚੱਲਦਿਆਂ ਜ਼ੁਲਮ ਦੀ ਅੱਤ ਨੂੰ ਖ਼ਤਮ ਕਰਨ ਲਈ ਡਟ ਕੇ ਸੰਘਰਸ਼ ਕਰਨ ਦਾ ਪ੍ਰਣ ਕੀਤਾ ਜਾਵੇ।

### ਫ੍ਰੀਡਮ ਫਾਈਟਰ ਉੱਤਰਾਧਿਕਾਰੀ 196 ਵੱਲੋਂ

# ਮੁਲਾਜ਼ਮ ਵਰਗ ਦੀਆਂ ਮੰਗਾਂ ਤੇ ਹੜਤਾਲ ਦਾ ਪੂਰਨ ਸਮਰਥਨ



ਫ਼ਿਰੋਜ਼ਪੁਰ, 27 ਅਗਸਤ (ਮਨੋਹਰ ਲਾਲ):— ਫ੍ਰੀਡਮ ਫਾਈਟਰ ਉੱਤਰਾਧਿਕਾਰੀ 196 ਦੇ ਪੰਜਾਬ ਪ੍ਰਧਾਨ ਚੇਤਨ ਸਿੰਘ ਸੇਖੋਂ ਨੇ ਪੰਜਾਬ ਦੇ ਸਮੁੱਚੇ ਮੁਲਾਜ਼ਮ ਵਰਗ ਵੱਲੋਂ ਅਪਣੀਆਂ ਲਮਕਦੀਆਂ ਅਤੇ ਜਾਇਜ਼ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਹੜਤਾਲ ਦਾ ਡਟ ਕੇ ਸਮਰਥਨ ਕੀਤਾ ਹੈ। ਉਨ੍ਹਾਂ ਮੁਲਾਜ਼ਮਾਂ ਵੱਲੋਂ ਦਿੱਤੇ ਜਾ ਰਹੇ ਧਰਨੇ ਵਿੱਚ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਚੱਲ ਰਹੀਆਂ ਮੰਗਾਂ ਨੂੰ ਤੁਰੰਤ ਪ੍ਰਵਾਨ ਕੀਤਾ ਜਾਵੇ। ਗੱਲਬਾਤ ਕਰਦਿਆਂ ਚੇਤਨ ਸਿੰਘ ਸੇਖੋਂ ਨੇ ਕਿਹਾ ਕਿ ਮੁਲਾਜ਼ਮ ਵਰਗ ਦੇ ਸੰਘਰਸ਼ ਵਿੱਚ ਉਹ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੇ ਹਨ। ਇਸ ਮੌਕੇ ਧਰਨੇ ਅਤੇ ਸਮਰਥਨ ਦੌਰਾਨ ਸੰਸਥਾ ਦੇ ਹੋਰ ਅਹੁਦੇਦਾਰ ਅਤੇ ਆਗੂ ਵੀ ਮੌਜੂਦ ਸਨ ਜਿਨ੍ਹਾਂ ਵਿੱਚ ਪ੍ਰਧਾਨ ਪਰਵੀਨ ਕੁਮਾਰ, ਮੁੱਖ ਸਕੱਤਰ ਸਤਨਾਮ ਸਿੰਘ ਲਹਿਰਾ, ਇਕਬਾਲ ਸਿੰਘ ਸੰਧੂ, ਦਰਸ਼ਨ ਸਿੰਘ ਸ਼ੇੜੇ ਵਾਲਾ ਅਤੇ ਹੋਰ ਪ੍ਰਮੁੱਖ ਸਾਥੀ ਸ਼ਾਮਲ ਸਨ, ਸਾਰਿਆਂ ਨੇ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਹੜਤਾਲੀ ਮੁਲਾਜ਼ਮਾਂ ਦੀ ਆਵਾਜ਼ ਨੂੰ ਬੁਲੰਦ ਕੀਤਾ।

### ਆਮ ਆਦਮੀ ਪਾਰਟੀ ਨੂੰ ਵੱਡਾ ਝੱਟਕਾ

# ਅੰਮ੍ਰਿਤਸਰ ਜ਼ਿਲ੍ਹਾ ਦਿਹਾਤੀ ਦੇ ਪ੍ਰਧਾਨ ਸ੍ਰ ਬਲਜਿੰਦਰ ਸਿੰਘ ਥਾਂਦੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਲ





**ਅੰਮ੍ਰਿਤਸਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੱਜ ਪ੍ਰੈਸ ਕਲੱਬ ਵਿਖੇ ਮੈਂਬਰ ਪਾਰਲੀਮੈਂਟ ਭਾਈ ਅਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਹੋਈ ਪ੍ਰੈਸ ਕਾਨਫਰੰਸ ਦੌਰਾਨ ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਦਿਹਾਤੀ ਜ਼ਿਲ੍ਹਾ ਪ੍ਰਧਾਨ ਸਰਦਾਰ ਬਲਜਿੰਦਰ ਸਿੰਘ ਥਾਂਦੇ ਅਤੇ ਹਲਕਾ ਰਾਜਾਸਾਂਸੀ ਦੇ ਮੀਡੀਆ ਇੰਚਾਰਜ ਸ੍ਰੀ ਕ੍ਰਿਸ਼ਨ ਕੁਮਾਰ ਜੀ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਬਲਜਿੰਦਰ ਸਿੰਘ ਥਾਂਦੇ ਪੈਪਸੂ ਰੋਡਵੇਜ਼ ਟਰਾਂਸਪੋਰਟ ਕਾਰਪੋਰੇਸ਼ਨ ਦੇ ਡਾਇਰੈਕਟਰ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ। ਇਸ ਮੌਕੇ ਹਲਕਾ ਅਟਾਰੀ ਤੋਂ ਸ੍ਰੀ ਝਿਰਮਲ ਸਿੰਘ ਭੰਡਿਆਰ ਨੇ ਵੀ ਪਾਰਟੀ ਨਾਲ ਜੁੜਨ ਦਾ ਐਲਾਨ ਕੀਤਾ। ਬਾਪੂ ਤਰਸੇਮ ਸਿੰਘ ਜੀ ਨੇ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਪੰਥ ਪੰਜਾਬ ਦੇ ਹਿੱਤਾਂ, ਪੰਜਾਬ ਦੀ ਹੋਂਦ ਅਤੇ ਹੱਕਾਂ ਦੀ ਲੜਾਈ ਨੂੰ ਮਜ਼ਬੂਤ ਕਰਨ ਲਈ ਹਰ ਪੰਜਾਬ-ਹਿਤੈਸ਼ੀ ਵਿਅਕਤੀ ਦਾ ਸਵਾਗਤ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਅਤੇ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕਰਨ ਵਾਲਾ ਮੰਚ ਹੈ। ਇਸ ਮੌਕੇ ਸ੍ਰ. ਜਸਕਰਨ ਸਿੰਘ ਕਾਹਨਸਿੰਘ ਵਾਲਾ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਭਾਈ ਜਸਕਰਨ ਸਿੰਘ ਰਿਆੜ, ਭਾਈ ਅਮਨਦੀਪ ਸਿੰਘ ਡੱਡੂਆਣਾ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਗੁਰਵਿੰਦਰ ਸਿੰਘ ਝੰਡੇਰ, ਸ੍ਰ ਸਵਿੰਦਰ ਸਿੰਘ ਸਾਂਘਣਾ, ਸ੍ਰ ਪ੍ਰਗਟ ਸਿੰਘ ਮਾਹਲ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਪਰਮਜੀਤ ਸਿੰਘ ਵਣੀਏਕੇ, ਸ੍ਰ ਹਰਕਮਲਪ੍ਰੀਤ ਸਿੰਘ, ਸ੍ਰ ਦਲਜੀਤ ਸਿੰਘ ਪੱਧਰੀ, ਪ੍ਰਿਤਪਾਲ ਸਿੰਘ ਮੀਰਾਂਕੋਟ, ਬਾਬਾ ਕੁਲਵੰਤ ਸਿੰਘ, ਸ਼ੇਰਾ ਲਹੌਰੀ ਮੱਲ, ਬਿਕਰਮਜੀਤ ਸਿੰਘ ਭੰਡਿਆਰ, ਭਾਈ ਜਰਮਨਦੀਪ ਸਿੰਘ, ਭਾਈ ਹਰਪ੍ਰੀਤ ਸਿੰਘ, ਹਰਪ੍ਰੀਤ ਸਿੰਘ ਤਰਨਾ ਦਲ, ਹਰਜਿੰਦਰ ਸਿੰਘ ਲਹੌਰੀ ਮੱਲ, ਨਿਰਮਲ ਸਿੰਘ ਭੰਡਿਆਰ, ਡਾਕਟਰ ਲਾਭਪ੍ਰੀਤ ਸਿੰਘ ਭੰਡਿਆਰ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

### ਬਾਪੂ ਤਰਸੇਮ ਸਿੰਘ ਜੀ ਨੇ ਕੀਤਾ ਸਵਾਗਤ, ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ

# ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਦਿੱਤੀ ਗਈ ਮਹਾ ਹੜਤਾਲ ਦਾ ਕੀਤਾ ਗਿਆ ਸਮਰਥਨ




ਫ਼ਿਰੋਜ਼ਪੁਰ, 27 ਅਗਸਤ (ਮਨੋਹਰ ਲਾਲ) :— ਅੱਜ ਸਿਵਲ ਹਸਪਤਾਲ ਫਿਰੋਜਪੁਰ ਵਿਖੇ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਦਿੱਤੀ ਮਹਾਂ ਹੜਤਾਲ ਦੀ ਕਾਲ ਦੇ ਸਮਰਥਨ ਵਿਚ ਵੱਖ—ਵੱਖ ਵਿਭਾਗਾਂ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਇਕੱਠੇ ਹੋਕੇ ਰਵਿੰਦਰ ਲੂਥਰਾ, ਗੁਰਜੰਟ ਸਿੰਘ, ਰਾਜ ਕੁਮਾਰ ਕੁੱਕੜ ਅਤੇ ਕਾਂਤਾ ਰਾਣੀ ਦੀ ਅਗਵਾਈ ਵਿੱਚ ਰੋਹ ਭਰਪੂਰ ਰੈਲੀ ਕੀਤੀ ਗਈ, ਉਪਰੰਤ ਬਜ਼ਾਰਾਂ ਵਿੱਚ ਰੋਸ ਮਾਰਚ ਕੀਤਾ ਗਿਆ। ਗੱਲਬਾਤ ਕਰਦਿਆਂ ਅੰਕੁਸ਼ ਭੰਡਾਰੀ ਅਤੇ ਗੁਰਮੇਲ ਸਿੰਘ ਨੇ ਦੱਸਿਆ ਪੰਜਾਬ ਸਰਕਾਰ ਸੱਤਾ ਵਿਚ ਆਉਣ ਤੋਂ ਪਹਿਲਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ਼ ਵਾਅਦੇ ਕੀਤੇ ਸੀ ਜਿਵੇਂ ਕੀ ਆਊਟ ਸੋਰਸ ਡੇਲੀ ਵੇਜਿਜ਼ ਕੰਟਰੈਕਟ ਐਨ.ਐਚ.ਐਮ ਤੇ ਵੱਖ—ਵੱਖ ਸਕੀਮਾਂ ਅਧੀਨ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇਗਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਡੀ.ਏ ਦੀਆਂ ਰੁਕੀਆਂ ਕਿਸ਼ਤਾਂ ਬਹਾਲ ਕਰਨਾ, ਪੇ ਕਮਿਸ਼ਨ ਦੀ ਰਿਪੋਰਟ ਨੂੰ ਇਨ ਬਿਨ ਲਾਗੂ ਕਰਨਾ, ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਦੇਣਾ, 15/01/2015 ਅਤੇ 17/07/2020 ਵਾਲਾ ਪੱਤਰ ਰੱਦ ਕਰਨਾ ਆਦਿ ਮੰਗਾਂ ਹਨ। ਗੱਲਬਾਤ ਕਰਦਿਆਂ ਸ੍ਰੀ ਭੰਡਾਰੀ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਦਿੱਤੇ ਗਏ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਆਏ ਡੀ.ਏ ਦੇ ਫੈਸਲੇ ਨੂੰ ਛਿੱਕੇ ਟੰਗ ਦਿੱਤਾ ਹੈ, ਇਸ ਰੈਲੀ ਵਿਚ ਭਾਰੀ ਗਿਣਤੀ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਨਾਲ—ਨਾਲ ਇਸਤਰੀ ਮੁਲਾਜ਼ਮਾਂ ਨੇ ਵੀ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਰੈਲੀ ਨੂੰ ਉਪਰੋਕਤ ਆਗੂਆਂ ਤੋਂ ਇਲਾਵਾ ਹਰਪ੍ਰੀਤ ਸਿੰਘ ਥਿੰਦ, ਰਾਕੇਸ਼ ਗਿੱਲ, ਜਗਤਾਰ ਸਿੰਘ, ਹਰਜਿੰਦਰ ਸਿੰਘ, ਗੁਰਮੀਤ ਸਿੰਘ, ਨਵਿੰਦਰ ਸਿੰਘ, ਬਲਵੀਰ ਸਿੰਘ, ਨਰੇਸ਼ ਗਰਗ, ਸੁਤੰਤਰ ਸਿੰਘ, ਡਾਕਟਰ ਲਲਿਤ ਨਾਗਪਾਲ, ਡਾਕਟਰ ਹਰਪ੍ਰੀਤ ਸਿੰਘ, ਰਵਿੰਦਰ ਸ਼ਰਮਾ, ਮਨੋਜ ਗਰੋਵਰ, ਰਜਤ ਲੁਹੇਰਾ, ਅਰੁਣ ਸ਼ਰਮਾ, ਅਮਰਜੀਤ ਸਿੰਘ, ਰਾਧੇ ਸ਼ਾਮ, ਲਖਵਿੰਦਰ ਸਿੰਘ, ਵਿਸ਼ਾਲ ਗੁਪਤਾ, ਸੰਦੀਪ ਸਿੰਘ, ਗੁਰਪ੍ਰੀਤ ਸਿੰਘ, ਅਰਸ਼ਦੀਪ ਸਿੰਘ, ਪਰਵਿੰਦਰ ਸਿੰਘ, ਜਗਰੂਪ ਮਸੀਹ, ਨਰਿੰਦਰ ਨਾਥ, ਹੁਕਮ ਚੰਦ ਅਸ਼ੋਕ ਕੁਮਾਰ, ਪਿੰਕੀ ਗਿੱਲ, ਮੰਜੁਲਾ, ਭੁਪਿੰਦਰ ਕੌਰ, ਸਮੀਕਸ਼ਾ, ਪਰਮਜੀਤ, ਅਸ਼ੂ ਸ਼ਰਮਾ, ਹਰਮਿੰਦਰ ਕੌਰ, ਸ਼ਿਵਾਨੀ ਸ਼ੁੱਕਲਾ, ਅਮਨ, ਗਗਨਦੀਪ, ਇੰਦਰਜੀਤ ਕੌਰ, ਸੁਖਵਿੰਦਰ ਕੌਰ, ਗੁਰਮੀਤ ਕੌਰ, ਰਜਨੀ, ਸ਼ੀਲਾ, ਮਨਜੀਤ ਕੌਰ, ਜਸਪਾਲ ਕੌਰ, ਪਰਮਜੀਤ ਕੌਰ ਆਦਿ ਆਗੂਆਂ ਵੱਲੋਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਇਹ ਸੰਘਰਸ਼ 2027 ਦੀਆਂ ਚੋਣਾਂ ਲਈ ਨਿਰਣਾਯਕ ਸਾਬਿਤ ਹੋਣ ਗਿਆ।

## ਪੈਰਾ ਮੈਡੀਕਲ ਯੂਨੀਅਨ ਦੇ ਬੈਨਰ ਹੇਠ ਫ਼ਿਰੋਜ਼ਪੁਰ ਵਿੱਚ ਮੁਕੰਮਲ ਹੜਤਾਲ, ਬਾਈਕ ਰੈਲੀ ਕੱਢ ਕੇ ਡੀ.ਸੀ. ਦਫ਼ਤਰ ਅੱਗੇ ਸਰਕਾਰ ਦਾ ਕੀਤਾ ਪਿੱਟ ਸਿਆਪਾ



ਫ਼ਿਰੋਜ਼ਪੁਰ, 27 ਅਗਸਤ (ਮਨੋਹਰ ਲਾਲ):— ਅੱਜ ਪੈਰਾ ਮੈਡੀਕਲ ਯੂਨੀਅਨ ਦੇ ਬੈਨਰ ਹੇਠ ਪੂਰੇ ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ ਮੁਕੰਮਲ ਹੜਤਾਲ ਕੀਤੀ ਗਈ। ਇਸ ਮੌਕੇ ਸਿਹਤ ਮੁਲਾਜ਼ਮਾਂ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਸਿਵਲ ਹਸਪਤਾਲ ਫ਼ਿਰੋਜ਼ਪੁਰ ਤੋਂ ਵਿਸ਼ਾਲ ਬਾਈਕ ਰੈਲੀ ਕੱਢੀ ਗਈ, ਜੋ ਸ਼ਹਿਰ ਦੇ ਵੱਖ—ਵੱਖ ਹਿੱਸਿਆਂ ਵਿੱਚੋਂ ਹੁੰਦੀ ਹੋਈ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਤੋਂ ਹੁੰਦੀ ਹੋਈ ਡੀ.ਸੀ. ਦਫ਼ਤਰ ਫ਼ਿਰੋਜ਼ਪੁਰ ਵਿਖੇ ਪਹੁੰਚੀ। ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਯੂਨੀਅਨ ਆਗੂਆਂ ਅਤੇ ਮੁਲਾਜ਼ਮਾਂ ਵੱਲੋਂ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਗੱਲਬਾਤ ਕਰਦਿਆਂ ਮੁਲਾਜ਼ਮ ਆਗੂਆਂ ਨੇ ਕਿਹਾ ਕਿ ਯੂਨੀਅਨ ਦੀਆਂ ਮੁੱਖ ਮੰਗਾਂ ਜਿਵੇਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ, ਡੀ.ਏ ਦੀਆਂ ਬਕਾਇਆ ਕਿਸ਼ਤਾਂ ਤੁਰੰਤ ਬਹਾਲ/ਜਾਰੀ ਕੀਤੀਆਂ ਜਾਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਸਿਹਤ ਵਿਭਾਗ ਦੇ ਮੁਲਾਜ਼ਮਾਂ ਦੀਆਂ ਹੋਰ ਸਾਰੀਆਂ ਜਾਇਜ਼ ਮੰਗਾਂ ਨੂੰ ਤੁਰੰਤ ਪੂਰਾ ਕੀਤਾ ਜਾਵੇ। ਯੂਨੀਅਨ ਆਗੂ ਨਰਿੰਦਰ ਸ਼ਰਮਾ ਅਤੇ ਰਾਮ ਪ੍ਰਸ਼ਾਦ ਨੇ ਕਿਹਾ ਕਿ ਸਿਹਤ ਵਿਭਾਗ ਦੇ ਮੁਲਾਜ਼ਮ ਲੰਬੇ ਸਮੇਂ ਤੋਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ। ਮੁਲਾਜ਼ਮਾਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਪੈਰਾ ਮੈਡੀਕਲ ਯੂਨੀਅਨ ਦੇ ਆਗੂ ਜਸਵਿੰਦਰ ਸਿੰਘ ਕੌੜਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਪ੍ਰਵਾਨ ਕਰਕੇ ਲਾਗੂ ਕੀਤਾ ਜਾਵੇ, ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਸਰਕਾਰ ਨੂੰ ਹੋਰ ਤਿੱਖੇ ਸੰਘਰਸ਼ ਦਾ ਸਾਹਮਣਾ ਕਰਨਾ ਪਵੇਗਾ। ਇਸ ਮੌਕੇ ਆਸ਼ਾ ਪ੍ਰਧਾਨ ਰਾਜਵੰਤ ਕੌਰ, ਆਮ ਆਦਮੀ ਕਲੀਨਿਕ ਯੂਨੀਅਨ ਪ੍ਰਧਾਨ ਜਸਵਿੰਦਰ ਸਿੰਘ, ਕਮਿਊਨਿਟੀ ਹੈਲਥ ਅਫਸਰ ਡਾ: ਪ੍ਰੀਤ ਮਖਿਜਾ, ਕਰਨਜੀਤ ਸਿੰਘ, ਗੁਰਮੇਲ ਸਿੰਘ, ਬਲਦੇਵ ਸਿੰਘ ਰਾਜਵੰਤ ਕੌਰ ਵੰਸ਼ ਜਸਵਿੰਦਰ, ਮਨਪ੍ਰੀਤ ਕੌਰ, ਸਰਬਜੋਤ ਕੌਰ, ਪ੍ਰਭਜੋਤ ਕੌਰ, ਗੁਰਦੇਵ ਸਿੰਘ, ਸਤਨਾਮ ਸਿੰਘ, ਬਗੀਚ ਸਿੰਘ, ਕੌਰ ਜੀ ਸਿੰਘ ਅਤੇ ਹੋਰ ਬਹੁਤ ਸਾਰੇ ਸਾਥੀ ਮਜੂਦ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਇੰਗਲੈਂਡ ਦੀ ਧਰਤੀ ਤੇ ਬਾਬੇ ਕੇ ਫਾਰਮ ਵਿਖੇ ਧੰਨ—ਧੰਨ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਦੀ 83ਵੀਂ ਸਾਲਾਨਾ ਬਰਸੀ ਸਮਾਗਮ ਦੇ ਛੇਵੇ ਦਿਨ ਮਹਾ ਪੁਰਖਾ ਨੇ

# ਗੁਰਇਤਿਹਾਸ ਤੇ ਕਥਾ ਕੀਰਤਨ ਸੁਣਾ ਕੇ ਗੁਰਬਾਣੀ ਨਾਲ ਜੋੜਿਆ











**ਫਿਰੋਜ਼ਪੁਰ, 27 ਅਗਸਤ (ਮਨੋਹਰ ਲਾਲ) :—** ਇੰਗਲੈਂਡ ਦੀ ਧਰਤੀ ਤੇ ਸਥਿਤ ਬਾਬੇ ਕੇ ਫਾਰਮ (ਜੋ ਕਿ 35 ਏਕੜ ਵਿੱਚ ਫੈਲਿਆ ਹੋਇਆ ਹੈ ਅਤੇ ਜਿੱਥੇ ਸੰਤ ਬਾਬਾ ਨਾਹਰ ਸਿੰਘ ਜੀ ਨੇ ਇਸ ਜੰਗਲ ਵਿੱਚ ਮੰਗਲ ਕੀਤਾ ਸੀ) ਅਤੇ 35 ਸਾਲ ਇੱਥੇ ਭਗਤੀ ਕੀਤੀ, ਵਿਖੇ ਹਰ ਸਾਲ ਵਾਂਗ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਮਨਾਈ ਜਾਂਦੀ ਹੈ।ਇਸ ਵਾਰ 9 ਦਿਨਾਂ 83ਵੀਂ ਰਬਰਸੀ ਸਮਾਗਮ ਜੋ ਕਿ 22 ਅਗਸਤ ਤੋਂ 30 ਅਗਸਤ ਤੱਕ ਚੱਲ ਰਿਹਾ ਹੈ ਵਿਚ ਨੇ ਅੱਜ ਕਥਾ ਰਾਹੀ ਸੰਤਾ ਮਹਾ ਪੁਰਖਾ ਨੇਕੀਰਤਨ ਕਰਦਿਆਂ ਸੰਗਤਾਂ ਨੂੰ ਗੁਰੂ ਜਸ ਸੁਣਾ ਕੇ ਨਿਹਾਲ ਕੀਤਾ। ਬਰਸੀ ਸਮਾਗਮ ਬਾਬੇ ਕੇ ਫਾਰਮ ਸੈਟ ਫੋਰਡ ਅਪਾਨ ਸਟਰੈਟਫੋਰਡ ਅਪਾਨ ਐਵਨ ਵਾਰਵਿਨਸ਼ਾਇਰ ਸੀ.ਵੀ 37 ਡੀ.ਪੀ.ਕਿਊ ਵਿਖੇ ਮਨਾਇਆ ਜਾ ਰਿਹਾ ਹੈ, ਜਿਥੇ ਦੇਸ਼—ਵਿਦੇਸ਼ ਤੋਂ ਹਰ ਸਾਲ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰੀ ਭਰਦੀਆਂ ਹਨ। ਇਸ ਮੌਕੇ ਤੇ ਸੰਤ ਮਹਾਪੁਰਸ਼ਾਂ ਅਤੇ ਰਾਗੀ ਢਾਡੀ ਜੱਥਿਆਂ ਨੇ ਹਾਜ਼ਰੀ ਭਰੀ, ਜਿਨ੍ਹਾਂ ਵਿੱਚ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਦਲ ਪੰਥ ਬੁੱਢਾ ਦਲ, ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲੇ, ਸੰਤ ਜਗਜੀਤ ਸਿੰਘ ਲੋਪੋ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ, ਬਾਬਾ ਸਰਬਜੀਤ ਸਿੰਘ ਸੰਪੂਰਾਂ ਵਾਲੇ, ਭਾਈ ਬਲਵਿੰਦਰ ਸਿੰਘ ਰੰਗੀਲਾ, ਭਾਈ ਸਰਬਜੀਤ ਸਿੰਘ ਲਾਡੀ, ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਮਹਿੰਦਰ ਸਿੰਘ, ਭਾਈ ਅਮਰਜੀਤ ਸਿੰਘ ਨਾਨਕਸਰ ਠਾਠ ਈਸ਼ਰ ਦਰਬਾਰ, ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਸਮੇਤ ਅਨੇਕਾਂ ਧਾਰਮਿਕ ਸ਼ਖਸੀਅਤਾਂ ਨੇ ਸ਼ਮੂਲੀਅਤ ਕੀਤੀ। ਸਮਾਗਮਾਂ ਦੌਰਾਨ ਭਾਈ ਜਸ਼ਨਪ੍ਰੀਤ ਸਿੰਘ ਅਤੇ ਭਾਈ ਨਿਰਮਲ ਸਿੰਘ ਹਜ਼ੂਰੀ ਰਬਾਬੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਨੇ ਹਾਜ਼ਰੀ ਭਰ ਕੇ ਸੰਗਤਾਂ ਨੂੰ ਗੁਰ ?ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਬਾਬੇ ਕੇ ਫਾਰਮ ਦੇ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਰਿੰਦਰ ਸਿੰਘ ਪੰਜਲ, ਪਰਮ ਸਿੰਘ ਘਟੌੜਾ, ਗੁਰਮੀਤ ਸਿੰਘ ਜੰਦ ਅਤੇ ਜਥੇਦਾਰ ਜਸਵੰਤ ਸਿੰਘ ਸੈਣੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਮੌਕੇ ਸੰਗਤਾਂ ਦੀ ਸੁਵਿਧਾ ਲਈ ਹਰ ਰੋਜ਼ ਦਿਨ ਵਿੱਚ ਤਿੰਨ ਵਾਰ ਬਰਮਿੰਘਮ ਤੋਂ ਬੱਸਾਂ ਬਾਬੇ ਕੇ ਫਾਰਮ ਲਈ ਚਲਾਈਆਂ ਗਈਆਂ ਹਨ। ਇਸ ਮੌਕੇ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਜਸਵੰਤ ਸਿੰਘ ਸੈਣੀ, ਸਰਵਨ ਸਿੰਘ ਸੈਣੀ, ਪਰਮ ਸਿੰਘ ਘਟੌੜਾ, ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਨਰਿੰਦਰ ਸਿੰਘ ਪੰਜਲ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਬਲਦੇਵ ਸਿੰਘ ਮਲਸੀਆ, ਅਵਤਾਰ ਸਿੰਘ ਚੰਡੀ, ਜਗਤਾਰ ਸਿੰਘ ਘਟੌੜਾ, ਗਿਆਨੀ ਮਹਿੰਦਰ ਸਿੰਘ ਹਮਦਰਦ, ਵਿਸ਼ਵਜੀਤ ਸਿੰਘ ਸੱਗੂ, ਸਤ ਪ੍ਰਕਾਸ਼, ਹਰਜਿੰਦਰ ਸਿੰਘ ਸੈਣੀ ਅਤੇ ਰਾਜਾ ਨੇ ਸੰਗਤਾਂ ਅਤੇ ਮਹਾਪੁਰਸ਼ਾਂ ਦੀ ਹੱਥੀਂ ਸੇਵਾ ਕੀਤੀ। ਲੰਗਰ ਦੀ ਸੇਵਾ ਵਿੱਚ ਬੀਬੀ ਨਰਿੰਦਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਜਸਬੀਰ ਕੌਰ, ਬੀਬੀ ਨਰੰਜਨ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਦਿਨ—ਰਾਤ ਸੇਵਾ ਕਰ ਰਹੀਆਂ ਹਨ। ਇਥੇ ਗੁਰੂ ਕਾ ਲੰਗਰ, ਚਾਹ ਕੌਫੀ, ਪੀਜ਼ਾ, ਬਰਗਰ, ਨੂਡਲਜ਼, ਟਿੱਕੀ, ਸਮੋਸੇ ਆਦਿ ਵੱਖ—ਵੱਖ ਪ੍ਰਕਾਰ ਦੇ ਲੰਗਰਾਂ ਦੇ ਸਟਾਲ ਲਗਾ ਕੇ ਸੰਗਤਾਂ ਨੂੰ ਵਰਤਾਏ ਜਾ ਰਹੇ ਹਨ। ਉਪਰੋਕਤ ਆਗੂਆਂ ਨੇ ਇੰਗਲੈਂਡ ਨਿਵਾਸੀਆਂ ਅਤੇ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਬਰਸੀ ਸਮਾਗਮਾਂ ਵਿੱਚ ਭਾਰੀ ਗਿਣਤੀ ਚ ਪਹੁੰਚ ਕੇ ਮਹਾਪੁਰਸ਼ਾਂ ਦੇ ਆਸ਼ੀਰਵਾਦ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

### ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ (ਬਰਨਾਲਾ) ਵਿਖੇ "ਰੱਖੜੀ ਬਣਾਉਣ" ਦਾ ਮੁਕਾਬਲਾ ਕਰਵਾਇਆ

# ਜੇਤੂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਕੀਤਾ ਸਨਮਾਨਿਤ



ਮਹਿਲ ਕਲਾਂ / ਬਰਨਾਲਾ (ਵਰਿਆਮ ਹਠੂਰ) ਰੱਖੜੀ ਦੇ ਪਵਿੱਤਰ ਤਿਉਹਾਰ ਨੂੰ ਮੁੱਖ ਰੱਖਦਿਆਂ ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ (ਬਰਨਾਲਾ) ਵਿਖੇ ਰੱਖੜੀ ਬਣਾਉਣ ਦਾ ਮੁਕਾਬਲਾ ਸਕੂਲ ਦੇ ਡਾਇਰੈਕਟਰ ਮੋਹਨੀਸ਼ ਮਿਸ਼ਾ, ਦੀ ਦੇਖ ਰੇਖ ਹੇਠ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਕਲਾ ਤੇ ਰਚਨਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਰੰਗ-ਬਿਰੰਗੇ ਧਾਗਿਆਂ, ਮੋਤੀਆਂ, ਰਿਬਨਾਂ ਅਤੇ ਹੋਰ ਸਜਾਵਟੀ ਸਮੱਗਰੀ ਦੀ ਵਰਤੋਂ ਕਰਕੇ ਸੁੰਦਰ ਅਤੇ ਆਕਰਸ਼ਕ ਰੱਖੜੀਆਂ ਤਿਆਰ ਕੀਤੀਆਂ। ਜਿਨ੍ਹਾਂ ਦਾ ਸਕੂਲ ਮੈਨਜਮੈਂਟ, ਸਕੂਲ ਡਾਇਰੈਕਟਰ ਮੋਹਨੀਸ਼ ਮਿਸ਼ਾ ਜੀ, ਸਕੂਲ ਪ੍ਰਿੰਸੀਪਲ ਅਤੇ ਸਕੂਲ ਸਟਾਫ ਨੇ ਵਿਦਿਆਰਥੀਆਂ ਦੇ ਕੀਤੇ ਯਤਨਾਂ ਦੀ ਖੂਬ. ਸ਼ਲਾਘਾ ਕੀਤੀ। ਤੇ ਰੱਖੜੀਆਂ ਬਣਾਉਣ ਵਿੱਚ ਜੇਤੂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੁਕਾਬਲੇ ਨੇ ਵਿਦਿਆਰਥੀਆਂ ਨੂੰ ਰੱਖੜੀ ਦੇ ਤਿਉਹਾਰ ਦੀ ਮਹੱਤਤਾ ਦੀ ਜਾਣਕਾਰੀ ਦੇਣ ਦੇ ਨਾਲ-ਨਾਲ ਉਨ੍ਹਾਂ ਦੀ ਰਚਨਾਤਮਕ ਯੋਗਤਾ ਨੂੰ ਵੀ ਨਿਖਾਰਿਆ। ਸਮਾਗਮ ਖੁਸ਼ੀ ਅਤੇ ਉਤਸ਼ਾਹ ਭਰੇ ਮਾਹੌਲ ਵਿੱਚ ਸੰਪੰਨ ਹੋਇਆ। ਇਸ ਮੌਕੇ ਸਕੂਲ ਮੈਨਜਮੈਂਟ ਸਕੂਲ ਸਟਾਫ ਅਤੇ ਬੱਚੇ ਹਾਜਰ ਸਨ।

# ਅੜੀਅਲ ਰੁੱਖ ਛੱਡਕੇ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਫੌਰੀ ਮੰਨੇ- ਗੁਰਬਾਜ਼ ਸਿੰਘ ਸਿੱਧੂ





**ਤਲਵੰਡੀ ਸਾਬੋ, 27 ਅਗਸਤ (ਗੁਰਜੰਟ ਸਿੰਘ ਨਥੇਹਾ)**- ਜਿੰਨ੍ਹਾਂ ਮੁਲਾਜ਼ਮਾਂ ਦੀਆਂ ਵੋਟਾਂ ਹਾਸਿਲ ਕਰਕੇ ਆਮ ਆਦਮੀ ਪਾਰਟੀ ਨੇ 2022 'ਚ ਸੂਬੇ ਦੀ ਸੱਤਾ ਹਾਸਲ ਕੀਤੀ ਹੁਣ ਉਨਾਂ ਹੀ ਮੁਲਾਜ਼ਮਾਂ ਦੀਆਂ ਮੰਗਾਂ ਮੰਨਣ ਤੋਂ ਉਹ ਸਿਰਫ ਇਨਕਾਰੀ ਹੀ ਨਹੀ ਹੋ ਰਹੀ ਸਗੋਂ ਮੁਲਾਜ਼ਮਾਂ ਪ੍ਰਤੀ ਅੜੀਅਲ ਰੁੱਖ ਅਪਨਾ ਰਹੀ ਹੈ ਜੋ ਮੰਦਭਾਗਾ ਵਰਤਾਰਾ ਹੈ ਜਦੋਂਕਿ ਚਾਹੀਦਾ ਇਹ ਹੈਕਿ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਫੌਰੀ ਤੌਰ 'ਤੇ ਮੰਨੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਅਤੇ ਪਿਛਲੇ ਸਮੇਂ ਤੋਂ ਕਾਂਗਰਸ ਪਾਰਟੀ ਵੱਲੋਂ ਹਲਕੇ 'ਚ ਸਰਗਰਮ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਪਿੰਡਾਂ ਦੇ ਦੌਰੇ ਉਪਰੰਤ ਗੱਲਬਾਤ ਕਰਦਿਆਂ ਕੀਤਾ। ਗੱਲਬਾਤ ਦੌਰਾਨ ਗੁਰਬਾਜ਼ ਸਿੰਘ ਸਿੱਧੂ ਨੇ ਕਿਹਾ ਕਿ ਮੁਲਾਜ਼ਮ ਜਥੇਬੰਦੀਆਂ ਜਿਸ ਤਰ੍ਹਾਂ ਪਿਛਲੇ ਸਮੇਂ ਤੋਂ ਮੁੱਖ ਮੰਤਰੀ ਕੋਲੋਂ ਉਨਾਂ ਦੀਆਂ ਮੰਗਾਂ ਸਬੰਧੀ ਚਰਚਾ ਵਾਸਤੇ ਮੀਟਿੰਗ ਕਰਨ ਦੀ ਮੰਗ ਕਰਦੇ ਰਹੀਆਂ ਤੇ ਮੁੱਖ ਮੰਤਰੀ ਟਾਲਦੇ ਰਹੇ ਉਸਤੋਂ ਮਜ਼ਬੂਰੀਵੱਸ ਮੁਲਾਜ਼ਮਾਂ ਨੂੰ ਹੁਣ ਧਰਨੇ ਪ੍ਰਦਰਸ਼ਨਾਂ ਦਾ ਸਹਾਰਾ ਲੈਣਾ ਪੈ ਰਿਹੈ ਪਰ ਹਾਲਾਤ ਇਹ ਨੇ ਕਿ ਸਰਕਾਰ ਮੁਲਾਜ਼ਮਾਂ ਮੰਗਾਂ ਮੰਨਣ ਪ੍ਰਤੀ ਬਿਲਕੁਲ ਵੀ ਸੰਜੀਦਾ ਨਹੀ ਜਾਪਦੀ ਤੇ ਮੁਲਾਜ਼ਮਾਂ ਨਾਲ ਮੀਟਿੰਗ ਰੱਖਣ ਉਪਰੰਤ ਸਿਰਫ ਅੜੀਅਲ ਰਵੱਈਏ ਕਾਰਣ ਮੀਟਿੰਗ ਰੱਦ ਕਰ ਦਿੱਤੀ ਗਈ। ਸਿੱਧੂ ਨੇ ਕਿਹਾ ਕਿ ਮੁਲਾਜ਼ਮ ਜਾਂ ਪੈਨਸ਼ਨਰ ਜੋ ਮੰਗ ਕਰ ਰਹੇ ਹਨ ਉਹ ਉਨਾਂ ਦਾ ਹੱਕ ਹੈ ਅਤੇ ਮੁਲਾਜ਼ਮਾਂ ਦੇ ਡੀ.ਏ ਬਾਬਤ ਤਾਂ ਖੁਦ ਅਦਾਲਤਾਂ ਇਹ ਨਿਰਦੇਸ਼ ਸਰਕਾਰ ਨੂੰ ਦੇ ਚੁੱਕੀਆਂ ਹਨ ਕਿ ਮੁਲਾਜ਼ਮਾਂ ਨੂੰ ਜਲਦ ਦਿੱਤਾ ਜਾਵੇ ਪਰ ਸਰਕਾਰ ਅਦਾਲਤੀ ਹੁਕਮਾਂ ਨੂੰ ਲਾਗੂ ਕਰਨ 'ਚ ਵੀ ਲਗਾਤਾਰ ਆਨਾਕਾਨੀ ਕਰ ਰਹੀ ਹੈ। ਉਨਾਂ ਕਿਹਾ ਕਿ ਸਰਕਾਰ ਨੂੰ ਮੁਲਾਜ਼ਮ ਜਥੇਬੰਦੀਆਂ ਨਾਲ ਮੀਟਿੰਗ ਕਰਕੇ ਤੁਰੰਤ ਉਨਾਂ ਦੀਆਂ ਮੰਗਾਂ ਮੰਨਣੀਆਂ ਚਾਹਿਦੀਆਂ ਹਨ। ਸਿੱਧੂ ਨਾਲ ਇਸ ਮੌਕੇ ਐਡਵੋਕੇਟ ਗੁਰਤੇਜ ਸਿੰਘ ਭਾਗੀਵਾਂਦਰ, ਜਗਤਾਰ ਨੰਬਰਦਾਰ ਭਾਗੀਵਾਂਦਰ, ਕ੍ਰਿਸ਼ਨ ਯਾਦਵ, ਹੈਪੀ ਬਹਿਮਣ, ਗੁਰਾਦਿੱਤਾ ਸਿੰਘ ਸੀਂਗੋ, ਦਰਸ਼ਨ ਗਿੱਲ ਆਦਿ ਆਗੂ ਮੌਜੂਦ ਸਨ।

# ਸਮਾਜ ਸੇਵੀ ਹਰਜੀਤ ਸਿੰਘ ਰੰਧਾਵਾ ਸਵੀਟ ਅੱਡਾ ਨਾਥ ਦੀ ਵਾਲਿਆਂ ਦੀ ਨਵੀਂ ਕੋਠੀ ਦਾ ਉਦਘਾਟਨ ਕੀਤਾ ਸੰਤਾਂ ਮਹਾਪੁਰਸ਼ਾਂ



**ਚੌਕ ਮਹਿਤਾ, 27 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੇ ਮਸਹੂਰ ਸਮਾਜ ਸੇਵੀ ਹਰਜੀਤ ਸਿੰਘ ਰੰਧਾਵਾ ਸਵੀਟ ਅੱਡਾ ਦੀ ਖੁੱਹੀ ਵਾਲਿਆਂ ਦੀ ਨਵੀਂ ਕੋਠੀ ਦਾ ਉਦਘਾਟਨ ਕੀਤਾ ਇਲਾਕੇ ਦੇ ਸਮੂਹ ਸੰਤਾਂ ਮਹਾਪੁਰਸ਼ਾਂ ਨੇ ਇਸ ਮੌਕੇ ਤੇ ਸਭ ਤੋਂ ਪਹਿਲਾਂ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਚਰਨ ਪਾਏਂ, ਉਪਰੰਤ ਪਵਿੱਤਰ ਪਾਵਨ ਗੁਰਬਾਣੀ ਸੁਖਮਨੀ ਸਾਹਿਬ ਦੇ ਜਾਪੁ ਕੀਤੇ ਗਏ ਉਪਰੰਤ ਰਾਗੀ ਸਿੰਘਾਂ ਨੇ ਪਵਿੱਤਰ ਪਾਵਨ ਗੁਰਬਾਣੀ ਕੀਰਤਨ ਸੰਗਤਾਂ ਨੂੰ ਸ੍ਰਵਨ ਕਰਾਏ। ਇਸ ਮੌਕੇ ਮੀਤੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਦੇ ਮੌਜੂਦਾ ਮੁੱਖੀ ਸੰਤ ਬਾਬਾ ਸੱਜਣ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ ਦਮਦਮੀ ਟਕਸਾਲ, ਗੁਰਦੁਆਰਾ ਨਾਗੀਆਨਾ ਸਾਹਿਬ ਜੀ ਦੇ ਮੁੱਖ ਸੰਤ ਬਾਬਾ ਕਵਲਜੀਤ ਸਿੰਘ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਦਸਮੇਸ਼ ਤਰਨਾ ਦਲ,ਅਰਸ਼ਦੀਪ ਸਿੰਘ ਅਮਰੀਕਾ, ਜਥੇਦਾਰ ਬਾਬਾ ਅਜੇਦੀਪ ਸਿੰਘ ਬਿਆਸ,ਜਸਬੀਰ ਸਿੰਘ ਡੇਅਰੀ ਬੋਪਾਰਾਏ, ਬਲਜਿੰਦਰ ਸਿੰਘ ਮਾਸਟਰ ਬੁੱਕ ਚੌਕ ਮਹਿਤਾ, ਕੁਲਵਿੰਦਰ ਸਿੰਘ ਕੋਟ ਖਹਿਰਾ, ਸਰਬਜੀਤ ਸਿੰਘ ਜੰਡੂ, ਸਰਪੰਚ ਤਰਲੋਕ ਸਿੰਘ ਜੋਧਾ ਨਗਰੀ, ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਬਿਕਰਮ ਸਿੰਘ ਮਜੀਠੀਆ ਦੇ ਸਹਾਲਕਾਰ ਮੇਜਰ ਸਿਵੀ ਚਰਨ ਸਿੰਘ, ਸਰਪੰਚ ਦਿਲਬਾਗ ਸਿੰਘ ਕਲੇਰ, ਅਵਤਾਰ ਸਿੰਘ ਘਨਸਾਮਪੁਰ, ਚੇਅਰਮੈਨ ਸ੍ਰਵਨ ਸਿੰਘ ਰਾਮ ਦੀਵਾਲੀ, ਮਨਜੀਤ ਸਿੰਘ ਬੋਪਾਰਾਏ, ਜਸਪਾਲ ਸਿੰਘ ਕਲੇਰ, ਬੀਬੀ ਲਖਵਿੰਦਰ ਕੌਰ ਨਿੱਕਾ ਰਸੂਲ ਪੁਰ ਆਦਿ ਇਲਾਕੇ ਦੇ ਦੀਆਂ ਸੰਗਤਾਂ ਅਤੇ ਸਮਾਜ ਸੇਵੀ ਸੰਸਥਾਵਾਂ, ਰਾਜਨੀਤਕ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਰੱਖੜ ਪੁੰਨਿਆਂ ਦੇ ਜੋੜਮੇਲੇ ਨੂੰ ਸਮਰਪਿਤ

# ਲੱਸੀ ਦਾ ਲੰਗਰ ਲਾਇਆ



**ਚੌਕ ਮਹਿਤਾ, 27 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਚਰਨ ਛੋਹ ਪ੍ਰਾਪਤ ਅਸਥਾਨ ਸ੍ਰੀ ਬਾਬਾ ਬਕਾਲਾ ਸਾਹਿਬ ਵਿਖੇ ਮਨਾਏ ਜਾ ਰਹੇ ਰੱਖੜ ਪੁੰਨਿਆਂ ਦੇ ਜੋੜਮੇਲੇ ਨੂੰ ਸਮਰਪਿਤ ਅੰਮ੍ਰਿਤਸਰ ਤੋਂ ਮਹਿਤਾ ਰੋਡ ਤੇ ਸਥਿਤ ਅੱਡਾ ਖੁਜਾਲਾ ਵਿਖੇ ਅੱਜ ਗੁਰਵਿੰਦਰ ਸਿੰਘ ਜੰਡ ਇਮੀਗ੍ਰੇਸ਼ਨ ਵਾਲੇ ਅਤੇ ਸਮੂਹ ਮਾਰਕੀਟ ਦੁਕਾਨਦਾਰਾਂ ਵਲੋਂ ਜੋੜਮੇਲੇ ਤੇ ਬਾਬਾ ਬਕਾਲਾ ਸਾਹਿਬ ਵਿਖੇ ਜਾਣ ਵਾਲੀਆਂ ਸੰਗਤਾਂ ਵਾਸਤੇ ਠੰਡੀ ਮਿੱਠੀ ਲੱਸੀ ਦੇ ਲੰਗਰ ਲਾਏ ਗਏ,ਜਿਸ ਵਿਚ ਸਮੂਹ ਦੁਕਾਨਦਾਰਾਂ ਨੇ ਆਈਆਂ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਸਮੂਹ ਸੰਗਤਾਂ ਨੂੰ ਠੰਡੀ ਮਿੱਠੀ ਲੱਸੀ ਵਰਤਾਉਣ ਦੀ ਵੀ ਸੇਵਾ ਨਿਭਾਈ।ਇਸ ਮੌਕੇ ਗੁਰਵਿੰਦਰ ਸਿੰਘ ਜੰਡ ਇਮੀਗ੍ਰੇਸ਼ਨ ਵਾਲੇ, ਰਣਜੀਤ ਸਿੰਘ, ਦਲਬੀਰ ਸਿੰਘ ਪ੍ਰਿੰਸ, ਬਿਕਰਮਜੀਤ ਸਿੰਘ ਢੱਲਾ, ਕੁਲਵੰਤ ਸਿੰਘ ਬਾਠ, ਦਿਲਬਾਗ ਸਿੰਘ,ਡਾ.ਬਲਜੀਤ ਸਿੰਘ ਲੇਲ੍ਹ, ਗੁਰਸੇਵਕ ਸਿੰਘ, ਹਰਚੰਦ ਸਿੰਘ,ਜੈਮਲ ਸਿੰਘ ਆਦਿ ਦੁਕਾਨਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਮਹਾਂ ਬੰਦ ਮੌਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਸਰਕਾਰ ਵਿਰੁੱਧ ਤਹਿਸੀਲ ਪੱਧਰੀ ਰੈਲੀ ਕੀਤੀ ਗਈ

# ਆਗੂਆਂ ਵਲੋਂ ਅਗਲੇ ਤਿੱਖੇ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਹੋਕਾ





**ਹੁਸ਼ਿਆਰਪੁਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਵਲੋਂ ਬਣਾਈ ਗਈ ਸਾਂਝੀ ਤਾਲਮੇਲ ਕਮੇਟੀ ਵਲੋਂ ਚੰਡੀਗੜ੍ਹ ਰੈਲੀ ਵਿੱਚ ਕੀਤੇ ਗਏ ਐਲਾਨ ਦੇ ਤਹਿਤ ਸਮੂਹ ਵਿਭਾਗਾਂ ਦੇ ਮੁਲਾਜ਼ਮਾਂ ਵਲੋਂ ਅਦਾਰਿਆਂ ਨੂੰ ਪੂਰਣ ਤੌਰ ਤੇ ਬੰਦ ਕਰਦੇ ਹੋਏ ਸਮੂਹਿਕ ਛੁੱਟੀ ਲੈ ਕੇ ਮਿੰਨੀ ਸਕੱਤਰੇਤ ਅੱਗੇ ਇੱਕ ਵਿਸ਼ਾਲ ਤਹਿਸੀਲ ਪੱਧਰੀ ਰੈਲੀ ਕੀਤੀ ਗਈ ਜਿਸ ਵਿੱਚ ਵੱਖ-ਵੱਖ ਵਿਭਾਗਾਂ ਤੋਂ ਮੁਲਾਜ਼ਮਾਂ ਵਲੋਂ ਕੰਮ ਠੱਪ ਕਰਕੇ ਕਾਫਲਿਆਂ ਦੇ ਰੂਪ ਵਿੱਚ ਇਸ ਰੋਸ ਰੈਲੀ ਵਿੱਚ ਸ਼ਮੂਲੀਅਤ ਕੀਤੀ ਗਈ।ਇਸ ਰੈਲੀ ਵਿੱਚ ਸਾਝੀ ਤਾਲਮੇਲ ਕਮੇਟੀ ਤੋਂ ਇਲਾਵਾ ਵੀ ਬਹੁਤ ਸਾਰੀਆਂ ਜੱਥੇਬੰਦੀਆਂ ਵਲੋਂ ਰੋਹ ਭਰਪੂਰ ਨਾਅਰਿਆਂ ਨਾਲ ਰੈਲੀ ਵਿੱਚ ਸ਼ਮੂਲੀਅਤ ਕੀਤੀ ਗਈ। ਅੱਜ ਦੀ ਇਹ ਰੈਲੀ ਮਨਜੀਤ ਸੈਣੀ, ਬਹਾਦਰ ਸਿੰਘ, ਕੁਲਵੰਤ ਸਿੰਘ ਸੈਣੀ, ਸੰਜੀਵ ਧੂਤ, ਅਨਿਰੁਧ ਮੋਦਗਿੱਲ, ਜਸਵੀਰ ਸਿੰਘ ਭਾਮ, ਜਤਿੰਦਰ ਸਿੰਘ ਸੋਨੀ, ਸੁਖਦੇਵ ਡਾਂਸੀਵਾਲ, ਵਰਿਆਮ ਸਿੰਘ ਮਿਨਹਾਸ, ਜੈਲ ਸਿੰਘ, ਰਾਜ ਕੁਮਾਰ, ਹਰਨਿੰਦਦਰ ਕੌਰ, ਆਸ਼ਾ ਰਾਣੀ ਤੇ ਅਧਾਰਿਤ ਪ੍ਰਧਾਨਗੀ ਮੰਡਲ ਦੀ ਅਗਵਾਈ ਹੇਠ ਕੀਤੀ ਗਈ।ਅੱਜ ਦੀ ਰੈਲੀ ਦੀ ਕਾਰਵਾਈ ਚਲਾਉਂਦਿਆਂ ਪ.ਸ.ਸ.ਫ. ਦੇ ਸੂਬਾ ਆਗੂ ਇੰਦਰਜੀਤ ਵਿਰਦੀ ਨੇ ਕਿਹਾ ਕਿ ਜਦੋਂ ਦੀ ਇਸ ਆਂਮ ਆਦਮੀਆਂ ਦੀ ਸਰਕਾਰ ਹੋਂਦ ਵਿੱਚ ਆਂਈ ਹੈ ਉਦੋਂ ਤੋਂ ਹੀ ਮੁਲਾਜ਼ਮ, ਪੈਨਸ਼ਨਰ ਅਤੇ ਲੋਕ ਵਿਰੋਧੀ ਨੀਤੀਆਂ ਨੂੰ ਬੜੀ ਤੇਜ਼ੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਸਹਿਤ ਬਾਕੀ ਮੰਤਰੀਆਂ ਵਲੋਂ ਮੀਟਿੰਗਾਂ ਦਾ ਸਮਾਂ ਦੇ ਕੇ ਵਾਰ-ਵਾਰ ਮੀਟਿੰਗਾਂ ਰੱਦ ਕੀਤੀਆਂ ਜਾ ਰਹੀਆਂ ਹਨ ਕਿਉਂਕਿ ਸਰਕਾਰ ਕੋਲ ਮੁਲਾਜ਼ਮਾਂ ਦੇ ਸਵਾਲਾਂ ਦੇ ਜਵਾਬ ਨਹੀਂ ਹਨ। ਮੁੱਖ ਮੰਤਰੀ ਦੇ ਹੈਂਕੜ ਭਰੇ ਵਤੀਰੇ ਦਾ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਅੰਦਰ ਭਾਰੀ ਰੋਸ ਹੈ ਅਤੇ ਸੰਘਰਸ਼ੀ ਲੋਕ ਹੁਣ ਸਰਕਾਰ ਨੂੰ ਸਬਕ ਸਿਖਾਉਣ ਦੇ ਰੌਂਅ ਵਿੱਚ ਹਨ। ਪ੍ਰਧਾਨਗੀ ਮੰਡਲ ਦੇ ਆਗੂਆਂ ਨੇ ਸੰਬੋਧਨ ਕਰਦਿਆ ਕਿਹਾ ਕਿ ਪੰਜਾਬ ਦੇ ਸਮੁੱਚੇ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਦਾ ਇੱਕ ਝੰਡੇ ਹੇਠ ਇਕੱਠੇ ਹੋ ਕੇ ਸਰਕਾਰ ਦੀਆਂ ਨੀਤੀਆਂ ਖਿਲਾਫ ਸੰਘਰਸ਼ ਕਰਨਾ ਇੱਕ ਸ਼ੁੱਭ ਸੰਕੇਤ ਹੈ ਅਤੇ ਇਸ ਦਾ ਨਤੀਜਾ ਆਉਣ ਵਾਲੀਆਂ ਵਿਧਾਨ ਸਭਾ ਚੋਪਣਾਂ ਦੌਰਾਨ ਦੇਖਣ ਨੂੰ ਮਿਲੇਗਾ। ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਹਰਾਉਣ ਵਿੱਚ ਪੰਜਾਬ ਦੇ ਮੁਲਾਜ਼ਮ/ ਪੈਨਸ਼ਨਰ ਅਹਿਮ ਭੂਮਿਕਾ ਨਿਭਾਉਣਗੇ।ਆਗੂਆਂ ਨੇ ਕਿਹਾ ਕਿ ਸਰਕਾਰ ਵਲੋਂ ਮੁਫਤ ਸਹੂਲਤਾਂ ਦੇ ਕੇ ਪੰਜਾਬ ਦੇ ਲੋਕਾਂ ਨੂੰ ਨਕਾਰਾ ਬਣਾਇਆ ਜਾ ਰਿਹਾ ਹੈ ਜਦਕਿ ਪੰਜਾਬ ਦੀ ਜਵਾਨੀ ਰੁਜ਼ਗਾਰ ਮੰਗ ਰਹੀ ਹੈ। ਬੁਲਾਰਿਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮੰਹਿਗਾਈ ਭੱਤੇ ਦੀਆਂ ਕਿਸ਼ਤਾਂ ਦੀ ਅਦਾਇਗੀ ਕੀਤੀ ਜਾਵੇ, ਪੁਰਾਣੀ ਪੈਨਸ਼ਨ ਲਾਗੂ ਕੀਤੀ ਜਾਵੇ, ਮਿਡ ਡੇ ਮੀਲ, ਆਗਣਵਾੜੀ, ਆਸ਼ਾ ਵਰਕਰਾਂ ਦੀਆਂ ਸੇਵਾਵਾਂ ਦਾ ਸਰਕਾਰੀਕਰਣ ਕੀਤਾ ਜਾਵੇ, ਪੈਨਸ਼ਨਟਾਂ ਤੇ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਬੰਦ ਕੀਤੇ 37 ਭੱਤਿਆਂ ਨੂੰ ਮੁੜ ਚਾਲੂ ਕੀਤਾ ਜਾਵੇ, ਸਰਵ ਸਿੱਖਿਆ ਅਭਿਆਨ ਅਤੇ ਐਨ.ਐਚ.ਐਮ. ਮੁਲਾਜ਼ਮਾਂ ਨੂੰ ਪੰਜਾਬ ਦੇ ਮੁਲਾਜ਼ਮ ਮੰਨਦਿਆਂ ਪੂਰੇ ਸਕੇਲ ਅਤੇ ਭੱਤੇ ਦਿੱਤੇ ਜਾਣ, ਪਰਖ ਸਮਾਂ ਇੱਕ ਸਾਲ ਦਾ ਕੀਤਾ ਜਾਵੇ, ਕੇਂਦਰੀ ਸਕੇਲਾਂ ਦੀ ਥਾਂ ਪੰਜਾਬ ਦੇ ਸਕੇਲ ਲਾਗੂ ਕੀਤੇ ਜਾਣ, ਹਰ ਪ੍ਰਕਾਰ ਦੇ ਕੱਚੇ ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕੀਤਾ ਜਾਵੇ।ਆਂਗੂਆਂ ਵਲੋਂ ਸਮੂਹ ਮੁਲਾਜ਼ਮ-ਪੈਨਸ਼ਨਰ ਵਰਗ ਨੂੰ ਤਿੱਖੇ ਸੰਘਰਸ਼ਾਂ ਲਈ ਤਿਆਂਰ ਰਹਿਣ ਦਾ ਹੋਕਾ ਦਿੱਤਾ।ਅੱਜ ਦੀ ਰੈਲੀ ਨੂੰ ਐਨ.ਐਚ.ਐਮ. ਆਗੂ ਤਰੁਣ ਕੁਮਾਰ, ਪੰਜਾਬ ਰੋਡਵੇਜ਼ ਆਗੂ ਬਲਜੀਤ ਸਿੰਘ, ਕੋ-ਆਪਰੇਟਿਵ ਬੈਂਕ ਯੂਨੀਅਨ ਆਗੂ ਸੁਖਵੀਰ ਸਿੰਘ, ਆਮ ਆਦਮੀ ਕਲੀਨਿਕ ਸਾਂਝਾ ਫਰੰਟ ਆਗੂ ਗੁਰਪ੍ਰੀਤ ਕੌਰ, ਆਊਟ ਸੋਰਸ ਯੂਨੀਅਨ ਆਗੂ ਸਚਿਨ ਕੁਮਾਰ, ਸਫਾਈ ਸੇਵਕ ਯੂਨੀਅਨ ਆਗੂ ਕਰਨਜੋਤ ਆਦੀਆ, ਜੀ.ਟੀ.ਯੂ. ਆਗੂ ਪ੍ਰਿਤਪਾਲ ਸਿੰਘ ਚੌਟਾਲਾ, ਸੰਯੁਕਤ ਕਿਸਾਨ ਮੋਰਚਾ ਆਗੂ ਦਵਿੰਦਰ ਸਿੰਘ ਕੱਕੋਂ ਆਦਿ ਹਾਜ਼ਰ ਸਨ।

# ਨੇਪਾਲ 'ਚ ਕੁਦਰਤ ਦਾ ਕਹਿਰ: 33 ਬਰਤਾਨਵੀ ਨਾਗਰਿਕਾਂ ਸਮੇਤ ਕਈ ਯੂਰਪੀ ਸੈਲਾਨੀ ਲਾਪਤਾ

## ਨੇਪਾਲ ਟੂਰਿਜ਼ਮ ਬੋਰਡ ਵੱਲੋਂ 33 ਦੇਸ਼ਾਂ ਦੇ 517 ਵਿਦੇਸ਼ੀ ਨਾਗਰਿਕ ਲਾਪਤਾ ਹੋਣ ਦੀ ਪੁਸ਼ਟੀ

**ਲੰਡਨ/ਕਾਠਮੰਡੂ - (ਸਰਬਜੀਤ ਸਿੰਘ ਬਨੂੜ)**- ਨੇਪਾਲ ਅਤੇ ਚੀਨ ਦੇ ਤਿੱਬਤ ਨਾਲ ਲੱਗਦੇ ਸਰਹੱਦੀ ਇਲਾਕਿਆਂ ਵਿੱਚ ਆਏ ਭਿਆਨਕ ਹੜ੍ਹਾਂ ਅਤੇ ਜ਼ਮੀਨ ਖਿਸਕਣ ਦੀਆਂ ਘਟਨਾਵਾਂ ਤੋਂ ਬਾਅਦ 33 ਬਰਤਾਨਵੀ ਨਾਗਰਿਕਾਂ ਸਮੇਤ ਵੱਡੀ ਗਿਣਤੀ ਵਿੱਚ ਯੂਰਪੀ ਸੈਲਾਨੀ ਲਾਪਤਾ ਦੱਸੇ ਜਾ ਰਹੇ ਹਨ। ਨੇਪਾਲ ਟੂਰਿਜ਼ਮ ਬੋਰਡ ਅਨੁਸਾਰ ਦੇਸ਼ ਵਿੱਚ ਲਾਪਤਾ 570 ਸੈਲਾਨੀਆਂ ਵਿੱਚੋਂ 517 ਵਿਦੇਸ਼ੀ ਨਾਗਰਿਕ ਹਨ, ਜੋ 33 ਵੱਖ-ਵੱਖ ਦੇਸ਼ਾਂ ਨਾਲ ਸਬੰਧਤ ਹਨ। ਸਰਕਾਰੀ ਅੰਕੜਿਆਂ ਮੁਤਾਬਕ ਲਾਪਤਾ ਵਿਦੇਸ਼ੀ ਨਾਗਰਿਕਾਂ ਵਿੱਚ ਯੂਕਰੇਨ ਦੇ 53, ਬਰਤਾਨੀਆ ਦੇ 33, ਜਰਮਨੀ ਅਤੇ ਰੂਸ ਦੇ 8-8 ਅਤੇ ਲਾਤਵੀਆ ਦੇ 6 ਨਾਗਰਿਕ ਸ਼ਾਮਲ ਹਨ। ਦੋ ਆਇਰਿਸ਼ ਨਾਗਰਿਕਾਂ ਦੇ ਵੀ ਲਾਪਤਾ ਹੋਣ ਦੀ ਪੁਸ਼ਟੀ ਕੀਤੀ ਗਈ ਹੈ। ਇਸ ਤੋਂ ਇਲਾਵਾ ਬੈਲਾਰੂਸ, ਬੈਲਜੀਅਮ, ਬੁਲਗਾਰੀਆ, ਫਿਨਲੈਂਡ, ਫਰਾਂਸ, ਹੰਗਰੀ, ਇਟਲੀ, ਲਿਥੂਆਨੀਆ, ਨੀਦਰਲੈਂਡ, ਪੁਰਤਗਾਲ, ਸਪੇਨ, ਸਰਬੀਆ, ਸਵਿਟਜ਼ਰਲੈਂਡ ਅਤੇ ਸਵੀਡਨ ਦੇ ਨਾਗਰਿਕ ਵੀ ਲਾਪਤਾ ਵਿਅਕਤੀਆਂ ਦੀ ਸੂਚੀ ਵਿੱਚ ਸ਼ਾਮਲ ਹਨ। ਇਨ੍ਹਾਂ ਦੇਸ਼ਾਂ ਨਾਲ ਸਬੰਧਤ ਲਾਪਤਾ ਲੋਕਾਂ ਦੀ ਵੱਖਰੀ ਗਿਣਤੀ ਅਜੇ ਅਧਿਕਾਰੀਆਂ ਵੱਲੋਂ ਜਾਰੀ ਨਹੀਂ ਕੀਤੀ ਗਈ। ਨੇਪਾਲੀ ਅਧਿਕਾਰੀਆਂ ਅਨੁਸਾਰ ਹੜ੍ਹਾਂ ਨਾਲ ਸੜਕਾਂ, ਪੁਲਾਂ, ਇਮਾਰਤਾਂ ਅਤੇ ਸੰਚਾਰ ਪ੍ਰਣਾਲੀ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ, ਜਿਸ ਕਾਰਨ ਰਾਹਤ ਅਤੇ ਤਲਾਸ਼ੀ ਕਾਰਜਾਂ ਵਿੱਚ ਮੁਸ਼ਕਲ ਆ ਰਹੀ ਹੈ। ਨੇਪਾਲੀ ਫ਼ੌਜ ਵੱਲੋਂ ਹੈਲੀਕਾਪਟਰਾਂ ਦੀ ਮਦਦ ਨਾਲ ਪ੍ਰਭਾਵਿਤ ਇਲਾਕਿਆਂ ਵਿੱਚ ਫਸੇ ਲੋਕਾਂ ਨੂੰ ਕੱਢਿਆ ਜਾ ਰਿਹਾ ਹੈ। ਬਰਤਾਨਵੀ ਸਰਕਾਰ ਨੇ ਕਿਹਾ ਹੈ ਕਿ ਉਹ ਨੇਪਾਲ ਅਤੇ ਚੀਨੀ ਅਧਿਕਾਰੀਆਂ ਦੇ ਸੰਪਰਕ ਵਿੱਚ ਹੈ ਅਤੇ ਪ੍ਰਭਾਵਿਤ ਬਰਤਾਨਵੀ ਨਾਗਰਿਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਕੌਂਸਲਰ ਸਹਾਇਤਾ ਦਿੱਤੀ ਜਾ ਰਹੀ ਹੈ। ਬਰਤਾਨਵੀ ਵਿਦੇਸ਼ ਮੰਤਰਾਲੇ ਨੇ ਇਲਾਕੇ ਵਿੱਚ ਮੌਜੂਦ ਆਪਣੇ ਨਾਗਰਿਕਾਂ ਨੂੰ ਪ੍ਰਭਾਵਿਤ ਖੇਤਰਾਂ ਤੋਂ ਦੂਰ ਰਹਿਣ ਅਤੇ ਸਥਾਨਕ ਪ੍ਰਸ਼ਾਸਨ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਬਚਾਅ ਅਤੇ ਤਲਾਸ਼ੀ ਮੁਹਿੰਮ ਜਾਰੀ ਹੋਣ ਕਾਰਨ ਮ੍ਰਿਤਕਾਂ ਅਤੇ ਲਾਪਤਾ ਲੋਕਾਂ ਦੇ ਅੰਕੜਿਆਂ ਵਿੱਚ ਤਬਦੀਲੀ ਆ ਸਕਦੀ ਹੈ।

# ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਫੜੀ ਹੈ ਮੁਲਾਜ਼ਮਾਂ ਦੀ ਬਾਂਹ: ਸੰਜੀਵ ਤਲਵਾੜ



**ਹੁਸ਼ਿਆਰਪੁਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਜੀਵ ਤਲਵਾੜ ਅਤੇ ਸਾਬਕਾ ਕੈਬਨਿਟ ਮੰਤਰੀ ਸਰਦਾਰ ਸੋਹਨ ਸਿੰਘ ਠੰਡਲ ਦੀ ਅਗਵਾਈ ਹੇਠ ਮੁਲਾਜ਼ਮਾਂ ਦੇ ਹੱਕ ਵਿੱਚ ਇੱਕ ਅਹਿਮ ਬੈਠਕ ਦਾ ਆਯੋਜਨ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਜੀਵ ਤਲਵਾੜ ਨੇ ਕਿਹਾ ਕਿ ਕਿਸੇ ਵੀ ਪ੍ਰਦੇਸ਼ ਦੀ ਉੱਨਤੀ ਵਿੱਚ ਬਿਊਰੋਕਰੇਟਸ ਅਤੇ ਮੁਲਾਜ਼ਮਾਂ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ। ਜੇਕਰ ਅੱਜ ਮੁਲਾਜ਼ਮਾਂ ਨੂੰ ਆਪਣੀਆਂ ਹੱਕੀ ਮੰਗਾਂ ਲਈ ਹੜਤਾਲਾਂ ਦੇ ਰਸਤੇ 'ਤੇ ਚੱਲਣਾ ਪੈ ਰਿਹਾ ਹੈ, ਤਾਂ ਇਸ ਤੋਂ ਮੌਜੂਦਾ ਸਰਕਾਰ ਦੀ ਨਾਕਾਮੀ ਦਾ ਸਾਫ਼ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਪਹਿਲ ਦਿੰਦਿਆਂ ਉਨ੍ਹਾਂ ਦੀ ਬਾਂਹ ਫੜੀ ਹੈ ਅਤੇ ਅੱਜ ਵੀ ਮੁਲਾਜ਼ਮ ਮਰਹੂਮ ਸਰਦਾਰ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਦੇ ਸੁਨਹਿਰੀ ਕਾਰਜਕਾਲ ਨੂੰ ਯਾਦ ਕਰਦੇ ਹਨ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਸਰਦਾਰ ਸੋਹਨ ਸਿੰਘ ਠੰਡਲ ਨੇ ਐਲਾਨ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਆਉਣ ਵਾਲੇ ਚੋਣ ਮੈਨੀਫੈਸਟੋ ਵਿੱਚ ਮੁਲਾਜ਼ਮਾਂ ਦੇ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਸ਼ਾਮਲ ਕੀਤਾ ਜਾਵੇਗਾ। ਅਕਾਲੀ ਦਲ ਦੀ ਸਰਕਾਰ ਬਣਦਿਆਂ ਹੀ ਪਿਛਲੀਆਂ ਸਰਕਾਰਾਂ ਵੇਲੇ ਅਧੂਰੀਆਂ ਰਹੀਆਂ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਤੁਰੰਤ ਪੂਰਾ ਕੀਤਾ ਜਾਵੇਗਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪਾਰਟੀ ਅੱਜ ਵੀ ਮੁਲਾਜ਼ਮਾਂ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੀ ਹੈ। ਇਸ ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਪਛੜੀਆਂ ਸ਼੍ਰੇਣੀਆਂ ਦੇ ਪੰਜਾਬ ਜਨਰਲ ਸਕੱਤਰ ਬਿਕਰਮਜੀਤ ਸਿੰਘ ਕਲਸੀ, ਵਪਾਰੀ ਵਰਗ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਔਜਲਾ, ਐਸ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਪ੍ਰੇਮ ਸਿੰਘ ਅਤੇ ਪਛੜੀਆਂ ਸ਼੍ਰੇਣੀਆਂ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ। ਮੀਟਿੰਗ ਵਿੱਚ ਸੰਜੀਵ ਥਾਪਰ (ਹਲਕਾ ਇੰਚਾਰਜ, ਐਸ.ਸੀ. ਸੈੱਲ) ਸੰਜੀਵ ਕੁਮਾਰ ਰਿਟਾਇਰਡ ਡੀਐਫਓ (ਹਲਕਾ ਇੰਚਾਰਜ, ਬੀ.ਸੀ. ਸੈੱਲ) ਬਲਵੀਰ ਸਿੰਘ (ਜ਼ਿਲ੍ਹਾ ਪ੍ਰਧਾਨ, ਕਿਸਾਨ ਸੈੱਲ ) ਪਰਵੀਨ ਸੈਣੀ (ਜ਼ਿਲ੍ਹਾ ਸਕੱਤਰ) ਸੁਖਦੇਵ ਸਿੰਘ ਸੁੱਖਾ (ਜ਼ਿਲ੍ਹਾ ਜਨਰਲ ਸਕੱਤਰ), ਜਸਵਿੰਦਰ ਸਿੰਘ ਹਲਕਾ ਇੰਚਾਰਜ ਵਪਾਰ ਮੰਡਲ ਰਵਿੰਦਰ ਸਿੰਘ ਨਿਕਾ, ਸਰਕਲ ਪ੍ਰਧਾਨ ਜਗਤਾਰ ਸਿੰਘ ਸਰਕਲ ਪ੍ਰਧਾਨ,ਯੋਗਾ ਸਿੰਘ (ਕਾਰਜਕਾਰਨੀ ਮੈਂਬਰ, ਬੀ.ਸੀ. ਸੈੱਲ) ਅਤੇ ਹੋਰ ਸੀਨੀਅਰ ਅਕਾਲੀ ਨੇਤਾ ਵੀ ਹਾਜ਼ਰ ਸਨ।

# ਦਿੱਲੀ ਰੈਲੀ ਦੀਆ ਤਿਆਰੀਆ ਜੋਸੋ ਖਰੋਸ਼ ਨਾਲ ਸਿੱਖਰਾ ਤੇ- ਸੁਖਦੇਵ ਕੋਟ

**ਤਰਨ ਤਾਰਨ (ਆਵਾਜ਼ਿ ਕੌਮ ਬਿਊਰੋ)**-ਕਮਿਊਨਿਸਟ ਪਾਰਟੀ ਵੱਲੋ ਇੱਕ ਸਤੰਬਰ ਨੂੰ ਦਿੱਲੀ ਦੇ ਰਾਮ ਲੀਲਾ ਗਰਾਊਂਡ ਵਿੱਚ ਦੇਸ਼ ਪੱਧਰੀ ਰੈਲੀ ਕੀਤੀ ਜਾ ਰਹੀ ਹੈ।ਜਿਸ ਦੀਆ ਤਿਆਰੀਆ ਪੂਰੇ ਜੋਸੋ ਖਰੋਸ਼ ਨਾਲ ਚੱਲ ਰਹੀਆ ਹਨ। ਇਸ ਗੱਲ ਦਾ ਪ੍ਰਗਟਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਜਿਲ੍ਹਾ ਮੀਤ ਸਕੱਤਰ ਕਾਮਰੇਡ ਰਸ਼ਪਾਲ ਸਿੰਘ ਘੁਰਕਵਿੰਡ ਨੇ ਬਲਾਕ ਕਮੇਟੀ ਦੀ ਮੀਟਿੰਗ ਵਿੱਚ ਤਿਆਰੀਆ ਦਾ ਜਾਇਜਾ ਲੈਦੇ ਹੋਏ ਸੰਬੋਧਨ ਕਰਦਿਆ ਕੀਤਾ। ਉਨਾ ਕਿਹਾ ਕਿ ਵੱਖ-ਵੱਖ ਪਿੰਡਾ ਵਿੱਚ ਮੀਟਿੰਗਾ ਕਰਵਾ ਕੇ ਦੇਸ਼ ਵਿੱਚ ਰਾਜ ਕਰਦੀ ਧਿਰ ਦੀਆ ਨੀਤੀਆ ਕਿਵੇ ਦੇਸ਼ ਵਿਰੋਧੀ ਹਨ ਇਹ ਦੱਸਦਿਆ ਲੋਕਾ ਹਿੱਤਾ ਤੋ ਜਾਣੂ ਕਰਵਾਇਆ। ਉਨਾ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਸੋਚਦੀ ਹੈ ਕਿ ਹੈ ਕਿ ਇਹਨਾ ਸਾਰੀਆ ਨੀਤੀਆ ਵਿੱਚ ਬਦਲਾਅ ਹੋਣਾ ਚਾਹੀਦਾ ਹੈ। ਕੇਂਦਰ ਸਰਕਾਰ ਨੇ ਦੇਸ਼ ਦੇ ਕਿਰਤ ਕਨੂੰਨਾ ਨੂੰ ਤੋੜ ਕੇ ਚਾਰ ਲੇਬਰ ਕੋਡ ਬਣਾ ਦਿੱਤੇ ਹਨ। ਸਿਹਤ ਦੇ ਖੇਤਰ ਵਿੱਚ ਦਵਾਈਆਂ ਦੀ ਕਾਲਾ ਬਜ਼ਾਰੀ ਚੱਲ ਰਹੀ ਹੈ। ਮਨਰੇਗਾ ਕਨੂੰਨ ਖਤਮ ਕਰਕੇ ਵੀ ਬੀ ਜੀ ਰਾਮ ਜੀ ਕਾਨੂੰਨ ਲਾਗੂ ਕੀਤਾ ਜਾ ਰਿਹਾ ਹੈ। ਉਨਾ ਕਿਹਾ ਕਿ ਇਹ ਲੋਕ ਵਿਰੋਧੀ ਹੈ, ਇਸ ਲਈ ਬਦਲਾਅ ਜਰੂਰੀ ਹੈ, ਅਸੀ ਮੰਗ ਕਰਦੇ ਹਾ ਕਿ ਵੀ ਬੀ ਜੀ ਰਾਮ ਜੀ ਰੱਦ ਕਰਕੇ ਪੁਰਾਣੀ ਮਨਰੇਗਾ ਸਕੀਮ ਬਹਾਲ ਕੀਤੀ ਜਾਵੇ, ਮਨਰੇਗਾ ਕਾਮਿਆਂ ਨੂੰ ਪੂਰਾ ਸਾਲ ਕੰਮ ਅਤੇ ਸੱਤ ਸੋ ਰੁਪਏ ਦਿਹਾੜੀ ਦਿੱਤੀ ਜਾਵੇ। ਮਜ਼ਦੂਰ ਲੋਕਾਂ ਦੇ ਸਾਰੇ ਕਰਜੇ ਮਾਈਕਰੋ ਫਾਈਨਾਂਸ ਕੰਪਨੀਆ ਸਮੇਤ ਮੁਆਫ਼ ਕੀਤੇ ਜਾਣ। ਵਿਧਵਾ ਬੁਢਾਪਾ ਅੰਗਹੀਣ ਪੈਨਸ਼ਨ 5000 ਰੁਪਏ ਕੀਤੀ ਜਾਵੇ। ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਤੇ ਪੰਜਾਬ ਦਾ ਹੱਕ ਹੋਵੇ। ਇਸ ਮੋਕੇ ਹਾਜ਼ਰ ਆਗੂ ਕਾਮਰੇਡ ਅੰਜੂ ਰਾਣੀ ਘੁਰਕਵਿੰਡ,ਕਾਮਰੇਡ ਜਗੀਰ ਸਿੰਘ,ਕਾਮਰੇਡ ਲਖਬੀਰ ਸਿੰਘ ਘੁਰਕਵਿੰਡ , ਕਾਮਰੇਡ ਜਸਬੀਰ ਕੌਰ,ਵੀਨਾ ਆਦਿ ਨੇ ਆਪਣੇ ਵਿਚਾਰ ਰੱਖੇ।

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

ਸਲਾਨਾ ਜੋੜ ਮੇਲਾ ਰੱਖੜ ਪੁੰਨਿਆ ਬਾਬਾ ਬਕਾਲਾ ਸਾਹਿਬ ਜੀ,
ਜਨਮ ਦਿਹਾੜਾ : ਪਿਆਰੇ ਭਾਈ ਦਇਆ ਸਿੰਘ ਸਾਹਿਬ ਜੀ ,
ਪਹਿਲਾ ਪ੍ਰਕਾਸ਼ : ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ
ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 29 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਹਰ ਐਤਵਾਰ 30 ਅਗਸਤ 2026 ਚੋਪੈਹਿਰਾ ਸਾਹਿਬ ਦੀ ਅਰੰਭਤਾ 6:30 ਹੋਵੇਗੀ ਸਮੇਤ ਸੁਖਮਨੀ ਸਾਹਿਬ ਜੀ ਦੇ ਭੋਗ 10:00 ਵਜੇ ਪੈਣਗੇ ਉਪਰੰਤ 12:30 ਵਜੇ ਤੱਕ ਖੁੱਲੇ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਜਸਪਾਲ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778